ਕੈਨੇਡੀਅਨ
ਪੰਜਾਬੀ ਪੋਸਟ
Award winning news paper | Canadian Punjabi Post







To view our online newspaper visit punjabipost.ca/epaper | Vol 23* Issue 26 | Tuesday, February 06, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਹੁਣ 2027 ਤੱਕ ਵਿਦੇਸ਼ੀ ਨਾਗਰਿਕ ਕੈਨੇਡਾ ਵਿੱਚ ਨਹੀਂ ਖਰੀਦ ਸਕਣਗੇ ਰਿਹਾਇਸ਼ੀ ਪ੍ਰਾਪਰਟੀ

ਓਟਵਾ, 5 ਫਰਵਰੀ (ਪੋਸਟ ਬਿਊਰੋ) : ਵਿਦੇਸ਼ੀ ਨਾਗਰਿਕਾਂ ਤੇ ਕੰਪਨੀਆਂ ਦੇ ਕੈਨੇਡਾ ਵਿੱਚ ਰਿਹਾਇਸ਼ੀ ਪ੍ਰਾਪਰਟੀ ਖਰੀਦਣ ਉੱਤੇ ਪਾਬੰਦੀ ਦੋ ਹੋਰ ਸਾਲਾਂ ਲਈ ਵਧਾ ਦਿੱਤੀ ਗਈ ਹੈ। ਐਤਵਾਰ ਨੂੰ ਫੈਡਰਲ ਵਿੱਤ ਮੰਤਰੀ ਨੇ ਆਖਿਆ ਕਿ ਇਸ ਸਮੇਂ ਉਨ੍ਹਾਂ ਨੂੰ ਹਾਊਸਿੰਗ ਅਫੋਰਡੇਬਿਲਿਟੀ ਵਰਗੇ ਮੁੱਦਿਆਂ ਦੀ ਚਿੰਤਾ ਹੈ ਤੇ ਇਸੇ ਲਈ ਫੈਡਰਲ ਸਰਕਾਰ ਵੱਲੋਂ ਇਹ ਫੈਸਲਾ ਕੀਤਾ ਗਿਆ ਹੈ।

ਕ੍ਰਿਸਟੀਆ ਫਰੀਲੈਂਡ ਨੇ ਐਲਾਨ ਕੀਤਾ ਕਿ ਇਹ ਪਾਬੰਦੀ 2027 ਤੱਕ ਚੱਲੇਗੀ। ਪਿਛਲੇ ਸਾਲ ਹੋਂਦ ਵਿੱਚ ਆਈ ਇਹ ਪਾਬੰਦੀ 2025 ਵਿੱਚ ਖ਼ਤਮ ਹੋਣ ਜਾ ਰਹੀ ਸੀ। ਜ਼ਿਕਰਯੋਗ ਹੈ ਕਿ ਵਿਦੇਸ਼ੀ ਕਮਰਸ਼ੀਅਲ ਐਂਟਰਪ੍ਰਾਈਜ਼ਿਜ਼ ਤੇ ਜਿਹੜੇ ਲੋਕ ਕੈਨੇਡਾ ਦੇ ਨਾਗਰਿਕ



ਨਹੀਂ ਹਨ ਜਾਂ ਪਰਮਾਨੈਂਟ ਵਾਸੀ ਨਹੀਂ ਹਨ ਉਨ੍ਹਾਂ ਦੇ ਕੈਨੇਡਾ ਵਿੱਚ ਰਿਹਾਇਸ਼ੀ ਸੰਪਤੀ ਖਰੀਦਣ ਉੱਤੇ ਪਾਬੰਦੀ ਲਾਈ ਗਈ ਸੀ। ਜਿਨ੍ਹਾਂ ਕੋਲ ਟੈਂਪਰੇਰੀ ਵਰਕ ਪਰਮਿਟ ਹੈ, ਰਫਿਊਜੀ ਦਾਅਵੇਦਾਰਾਂ ਤੇ ਇੰਟਰਨੈਸ਼ਨਲ ਸਟੂਡੈਂਟਸ, ਜਿਹੜੇ ਮਾਪਦੰਡਾਂ ਉੱਤੇ ਖਰੇ ਉਤਰਦੇ ਹਨ, ਉਨ੍ਹਾਂ ਲਈ ਛੋਟ ਹੈ।

ਜਿਹੜੇ ਗੈਰ ਕੈਨੇਡੀਅਨ ਇਸ ਪਾਬੰਦੀ ਦੀ ਉਲੰਘਣਾ ਕਰਦੇ ਪਾਏ ਜਾਣਗੇ, ਉਨ੍ਹਾਂ ਨੂੰ 10,000 ਡਾਲਰ ਦਾ ਜੁਰਮਾਨਾ ਹੋ ਸਕਦਾ ਹੈ ਤੇ ਉਨ੍ਹਾਂ ਨੂੰ ਪ੍ਰਾਪਰਟੀ ਵੇਚਣ ਲਈ ਵੀ ਆਖਿਆ ਜਾ ਸਕਦਾ ਹੈ। ਫਰੀਲੈਂਡ ਨੇ ਆਖਿਆ ਕਿ ਸਰਕਾਰ ਕੈਨੇਡੀਅਨਜ਼ ਲਈ ਹਾਊਸਿੰਗ ਨੂੰ ਹੋਰ ਅਫੋਰਡੇਬਲ ਬਣਾਉਣ ਲਈ ਹਰ ਸੰਭਵ ਹੀਲਾ ਵਰਤਣ ਦੀ ਕੋਸ਼ਿਸ਼ ਕਰ ਰਹੀ ਹੈ।




## ਦੋ ਗੱਡੀਆਂ ਦੀ ਟੱਕਰ ਵਿੱਚ 1 ਹਲਾਕ, 2 ਜ਼ਖ਼ਮੀ

ਹੈਮਿਲਟਨ, 5 ਫਰਵਰੀ (ਪੋਸਟ ਬਿਊਰੋ) : ਸੋਮਵਾਰ ਸਵੇਰੇ ਡਾਊਨਟਾਊਨ ਵਿੱਚ ਦੋ ਗੱਡੀਆਂ ਦਰਮਿਆਨ ਹੋਏ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਦੋ ਹੋਰ ਜ਼ਖ਼ਮੀ ਹੋ ਗਏ। ਇਸ ਮਾਮਲੇ ਦੀ ਹੈਮਿਲਟਨ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਸੋਮਵਾਰ ਨੂੰ ਜਾਰੀ ਕੀਤੀ ਗਈ ਨਿਊਜ਼ ਰਲੀਜ਼ ਵਿੱਚ ਪੁਲਿਸ ਨੇ ਆਖਿਆ ਕਿ ਹਾਦਸੇ ਦੀ ਖਬਰ ਦੇ ਕੇ ਸਵੇਰੇ 1:30 ਵਜੇ ਤੋਂ ਪਹਿਲਾਂ ਮੇਨ ਸਟਰੀਟ ਈਸਟ ਤੇ ਜੇਮਜ਼ ਸਟਰੀਟ ਸਾਊਥ ਦੇ ਇੰਟਰਸੈਕਸ਼ਨ ਉੱਤੇ ਪੁਲਿਸ ਅਧਿਕਾਰੀਆਂ ਨੂੰ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਜਦੋਂ ਆਫੀਸਰਜ਼ ਉੱਥੇ ਪਹੁੰਚੇ ਤਾਂ ਉਨ੍ਹਾਂ ਨੂੰ ਇੱਕ ਵਿਅਕਤੀ,ਜੋ ਕਿ ਆਪਣੇ 60ਵਿਆਂ ਵਿੱਚ ਸੀ, ਇੱਕ ਗੱਡੀ ਵਿੱਚ ਬੇਸੁੱਧ ਮਿਲਿਆ।



ਮੌਕੇ ਉੱਤੇ ਹੀ ਉਸ ਦੀ ਜਾਨ ਬਚਾਉਣ ਦੀ ਕੋਸ਼ਿਸ਼ ਕੀਤੀ ਗਈ ਤੇ ਉਸ ਨੂੰ ਹਸਪਤਾਲ ਵੀ ਲਿਜਾਇਆ ਗਿਆ ਪਰ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਦੋ ਹੋਰ ਵਿਅਕਤੀ, ਜੋ ਕਿ ਆਪਣੇ 20ਵਿਆਂ ਵਿੱਚ ਸਨ, ਦੂਜੀ ਗੱਡੀ ਵਿੱਚ ਮਿਲੇ। ਉਨ੍ਹਾਂ ਨੂੰ ਮਾਮੂਲੀ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਹਾਦਸੇ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਪਾਕਿਸਤਾਨ ਵਿਚ ਪੁਲਿਸ ਥਾਣੇ ’ਤੇ ਹਮਲਾ, 10 ਪੁਲਿਸ ਮੁਲਾਜ਼ਮਾਂ ਦੀ ਮੌਤ

ਇਸਲਾਮਾਬਾਦ, 5 ਫ਼ਰਵਰੀ (ਪੋਸਟ ਬਿਊਰੋ): ਪਾਕਿਸਤਾਨ ਦੇ ਖੈਬਰ ਪਖਤੂਨਖਵਾ ਦੇ ਡੇਰਾ ਇਸਮਾਈਲ ਖਾਨ ਜ਼ਲ੍ਹਿ ਵਿੱਚ ਇੱਕ ਪੁਲਿਸ ਸਟੇਸ਼ਨ ‘ਤੇ ਹੋਏ ਹਮਲੇ ਤੋਂ ਬਾਅਦ ਕਈ ਪੁਲਿਸ ਵਾਲਿਆਂ ਦੀ ਮੌਤ ਦੀ ਖ਼ਬਰ ਹੈ . ਇਸ ਹਮਲੇ ‘ਚ ਛੇ ਹੋਰ ਜਣੇ ਜ਼ਖਮੀ ਵੀ ਹੋਏ ਹਨ। ਪੁਲਿਸ ਮੁਤਾਬਕ ਤੜਕੇ ਕਰੀਬ 3 ਵਜੇ ਦਰਬਨ ਤਹਿਸੀਲ ‘ਚ ਕੁਝ ਅਤਿਵਾਦੀਆਂ ਨੇ ਭਾਰੀ ਹਥਿਆਰਾਂ ਨਾਲ ਪੁਲਿਸ ਸਟੇਸ਼ਨ ‘ਤੇ ਹਮਲਾ ਕਰ ਦਿੱਤਾ।

ਪਾਕਿਸਤਾਨ ਦੇ ਸਥਾਨਕ ਮੀਡੀਆ ਮੁਤਾਬਕ ਜ਼ਖਮੀਆਂ ਨੂੰ ਹਸਪਤਾਲ ‘ਚ ਭਰਤੀ ਕਰਵਾਇਆ ਗਿਆ ਹੈ। ਫਿਲਹਾਲ ਉਸ ਦਾ ਹਸਪਤਾਲ ‘ਚ ਇਲਾਜ ਚੱਲ ਰਿਹਾ ਹੈ। ਦੱਸਿਆ ਜਾ




ਰਿਹਾ ਹੈ ਕਿ ਅਤਿਵਾਦੀਆਂਨੇ ਪੁਲਿਸ ਸਟੇਸ਼ਨ ‘ਤੇ ਗ੍ਰਨੇਡ ਅਤੇ ਭਾਰੀ ਗੋਲਾਬਾਰੀ ਨਾਲ ਹਮਲਾ ਕੀਤਾ। ਹਾਲਾਂਕਿ ਪੁਲਿਸ ਨੇ ਜਵਾਬੀ ਕਾਰਵਾਈ ਕਰਦੇ ਹੋਏ ਹਨੇਰੇ ਦਾ ਫਾਇਦਾ ਉਠਾਉਂਦੇ ਹੋਏ ਸਾਰੇ ਹਮਲਾਵਰ ਫਰਾਰ ਹੋ ਗਏ। ਇਸ ਹਮਲੇ ਤੋਂ ਬਾਅਦ ਪੁਲਿਸ ਨੇ ਇਲਾਕੇ ਦੀ ਘੇਰਾਬੰਦੀ ਕਰ ਦਿੱਤੀ ਹੈ। ਅੱਤਵਾਦੀਆਂ ਦੀ ਭਾਲ ਲਈ ਤਲਾਸ਼ੀ ਮੁਹਿੰਮ ਵੀ ਚਲਾਈ ਜਾ ਰਹੀ ਹੈ।

## ਮਾਲਦੀਵ ਦੇ ਰਾਸ਼ਟਰਪਤੀ ਨੇ ਆਖਿਆ: ਫੌਜੀ ਜਵਾਨ 10 ਮਾਰਚ ਤੋਂ ਪਹਿਲਾਂ ਭਾਰਤ ਪਰਤਣਗੇ

ਮਾਲੇ, 5 ਫਰਵਰੀ, (ਪੋਸਟ ਬਿਊਰੋ): ਮਾਲਦੀਵ ਦੇ ਰਾਸ਼ਟਰਪਤੀ ਮੁਹੰਮਦ ਮੁਈਜ਼ੂ ਨੇ ਸੋਮਵਾਰ ਨੂੰ ਕਿਹਾ ਕਿ ਭਾਰਤੀ ਫੌਜੀ ਕਰਮਚਾਰੀਆਂ ਦੇ ਪਹਿਲੇ ਸਮੂਹ ਨੂੰ 10 ਮਾਰਚ ਤੋਂ ਪਹਿਲਾਂ ਭਾਰਤ ਵਾਪਸ ਭੇਜਿਆ ਜਾਵੇਗਾ। ਦੋ ਹਵਾਬਾਜ਼ੀ ਪਲੇਟਫਾਰਮਾਂ ‘ਤੇ ਕੰਮ ਕਰ ਰਹੇ ਬਾਕੀ ਭਾਰਤੀਆਂ ਨੂੰ 10 ਮਈ ਤੱਕ ਵਾਪਸ ਭੇਜ ਦਿੱਤਾ ਜਾਵੇਗਾ। ਸੰਸਦ ਨੂੰ ਆਪਣੇ ਸੰਬੋਧਨ ਦੌਰਾਨ ਮੁਈਜ਼ੂ ਨੇ ਕਿਹਾ ਕਿ ਓਹਨਾ ਦਾ ਮੰਨਣਾ ਹੈ ਕਿ ਮਾਲਦੀਵੀਆਂ ਦੀ ਬਹੁਗਿਣਤੀ ਨੇ ਇਸ ਉਮੀਦ ਨਾਲ ਉਨ੍ਹਾਂ ਦੀ ਸਰਕਾਰ ਦਾ ਸਮਰਥਨ ਕੀਤਾ ਹੈ ਕਿ ਉਹ ਦੇਸ਼ ਤੋਂ ਵਿਦੇਸ਼ੀ ਫੌਜਾਂ ਨੂੰ ਹਟਾ ਦੇਵੇਗਾ।

ਮੁਈਜ਼ੂ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇਸ਼ ਦੀ ਪ੍ਰਭੂਸੱਤਾ ਨਾਲ ਸਮਝੌਤਾ ਕਰਨ ਵਾਲੇ ਕਿਸੇ ਵੀ ਰਾਜ ਸਮਝੌਤੇ ਦੀ ਇਜਾਜ਼ਤ ਨਹੀਂ ਦਿੰਦੀ। 17 ਨਵੰਬਰ ਨੂੰ ਰਾਸ਼ਟਰਪਤੀ ਵਜੋਂ ਸਹੁੰ ਚੁੱਕਣ ਤੋਂ ਬਾਅਦ



ਹੀ ਮੁਈਜ਼ੂ ਨੇ ਭਾਰਤ ਨੂੰ 15 ਮਾਰਚ ਤੱਕ ਆਪਣੇ 88 ਫੌਜੀ ਜਵਾਨਾਂ ਨੂੰ ਵਾਪਸ ਬੁਲਾਉਣ ਦੀ ਅਪੀਲ ਕੀਤੀ ਸੀ। ਦੂਜੇ ਦੇਸ਼ਾਂ ਨਾਲ ਰਾਸ਼ਟਰਪਤੀ ਮੁਈਜ਼ੂ ਦੀ ਕੂਟਨੀਤਕ ਗੱਲਬਾਤ ਵੀ ਜਾਰੀ ਹੈ।

ਮੁਈਜ਼ੂ ਨੇ ਕਿਹਾ, ਅਸੀਂ ਭਾਰਤ ਨੂੰ ਮਾਲਦੀਵ ਤੋਂ ਫੌਜੀ ਜਵਾਨਾਂ ਨੂੰ ਵਾਪਸ ਬੁਲਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ, ‘ਹਾਲੀਆ ਵਿਚਾਰ-ਵਟਾਂਦਰੇ ਦੇ ਅਨੁਸਾਰ, ਤਿੰਨ ਹਵਾਬਾਜ਼ੀ ਪਲੇਟਫਾਰਮਾਂ ਵਿੱਚੋਂ ਇੱਕ ਤੋਂ ਭਾਰਤੀ ਫੌਜੀ ਕਰਮਚਾਰੀਆਂ ਨੂੰ 10 ਮਾਰਚ ਤੋਂ ਪਹਿਲਾਂ ਵਾਪਸ ਲੈਣ ਲਈ ਕਿਹਾ ਗਿਆ ਹੈ। ਬਾਕੀ ਦੋ ਪਲੇਟਫਾਰਮਾਂ ਨੂੰ ਵੀ 10 ਮਾਰਚ ਤੱਕ ਵਾਪਿਸ ਬੁਲਾ ਲਿਆ ਜਾਵੇਗਾ।

## ਅਮਰੀਕਾ ਨੇ ਈਰਾਨ ਅਤੇ ਉਸ ਵੱਲੋਂ ਸਮਰਥਿਤ ਗੈਰ-ਫ਼ੌਜੀ ਲੜਾਕਿਆਂ ਨੂੰ ਦਿੱਤੀ ਚਿਤਾਵਨੀ

ਯੇਰੂਸ਼ਲਮ, 5 ਫਰਵਰੀ (ਪੋਸਟ ਬਿਊਰੋ): ਅਮਰੀਕਾ ਨੇ ਈਰਾਨ ਅਤੇ ਉਸ ਵੱਲੋਂ ਸਮਰਥਿਤ 'ਮਿਲੀਸ਼ੀਆ' (ਗੈਰ-ਫ਼ੌਜੀ ਲੜਾਕਿਆਂ) ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਉਹ ਪੱਛਮੀ ਏਸ਼ੀਆ ਵਿੱਚ ਤਾਇਨਾਤ ਅਮਰੀਕੀ ਬਲਾਂ ਨੂੰ ਨਿਸ਼ਾਨਾ ਬਣਾਉਣਾ ਜਾਰੀ ਰੱਖਦੇ ਹਨ ਤਾਂ ਉਹ ਜਵਾਬੀ ਕਾਰਵਾਈ ਕਰੇਗਾ। ਜਾਰਡਨ ਵਿੱਚ ਇੱਕ ਈਰਾਨ ਸਮਰਥਿਤ ਸਮੂਹ ਵੱਲੋਂ ਹਾਲ ਹੀ ਵਿੱਚ ਕੀਤੇ ਗਏ ਡਰੋਨ ਹਮਲੇ ਵਿੱਚ 3 ਅਮਰੀਕੀ ਫ਼ੌਜੀ ਮਾਰੇ ਗਏ ਸਨ ਅਤੇ 40 ਤੋਂ ਵੱਧ ਜ਼ਖ਼ਮੀ ਹੋਏ ਸਨ।



ਅਮਰੀਕਾ ਨੇ ਸ਼ੁੱਕਰਵਾਰ ਨੂੰ ਜਾਰਡਨ ਵਿਚ ਆਪਣੇ ਫ਼ੌਜੀਆਂ 'ਤੇ ਹਮਲਿਆਂ ਦਾ ਜਵਾਬ ਦਿੰਦੇ ਹੋਏ, ਇਰਾਕ ਅਤੇ ਸੀਰੀਆ ਵਿਚ ਈਰਾਨ ਸਮਰਥਿਤ ਮਿਲੀਸ਼ੀਆ ਅਤੇ ਈਰਾਨੀ ਰੈਵੋਲਿਊਸ਼ਨਰੀ ਗਾਰਡ ਦੇ 85 ਟਿਕਾਣਿਆਂ 'ਤੇ ਹਮਲੇ ਕੀਤੇ। ਇਸ ਤੋਂ ਬਾਅਦ ਸ਼ਨੀਵਾਰ ਨੂੰ ਅਮਰੀਕੀ ਅਤੇ ਬ੍ਰਿਟਿਸ਼ ਬਲਾਂ ਨੇ ਯਮਨ 'ਚ ਹੂਤੀ ਦੇ ਕੰਟਰੋਲ ਵਾਲੇ ਇਲਾਕਿਆਂ 'ਤੇ ਵੀ ਹਮਲੇ ਕੀਤੇ।

ਅਮਰੀਕੀ ਰਾਸ਼ਟਰਪਤੀ ਜੋਅ ਬਾਈਡੇਨ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਜੇਕ ਸੁਲੀਵਾਨ ਨੇ ਕਿਹਾ ਕਿ ਜੇ ਈਰਾਨ ਨੇ ਅਮਰੀਕਾ ਦੇ ਖਿਲਾਫ "ਸਿੱਧਾ ਜਵਾਬ ਦੇਣ ਦਾ ਬਦਲ" ਚੁਣਿਆ ਤਾਂ ਉਸ ਨੂੰ "ਤੇਜ਼ ਅਤੇ ਸਖ਼ਤ ਜਵਾਬ" ਲਈ ਤਿਆਰ ਰਹਿਣਾ ਚਾਹੀਦਾ ਹੈ। ਸੁਲੀਵਾਨ ਨੇ ਕਿਹਾ ਕਿ ਅਸੀਂ ਇਰਾਕ ਅਤੇ ਸੀਰੀਆ ਵਿੱਚ ਈਰਾਨ ਸਮਰਥਿਤ ਮਿਲੀਸ਼ੀਆ ਜਾਂ ਹੂਤੀ ਬਾਗੀਆਂ ਵੱਲੋਂ ਭਵਿੱਖ ਵਿੱਚ ਕੀਤੇ ਜਾ ਸਕਣ ਵਾਲੇ ਹਮਲਿਆਂ ਦੀ ਸੰਭਾਵਨਾ ਨੂੰ ਰੱਦ ਨਹੀਂ ਕਰ ਸਕਦੇ। ਜਦੋਂ ਈਰਾਨ ਦੇ ਅੰਦਰ ਹਮਲੇ ਕੀਤੇ ਜਾਣ ਦੀ ਸੰਭਾਵਨਾ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਬਾਈਡੇਨ "ਵੱਡੇ ਪੱਧਰ ਦੀ ਜੰਗ ਨਹੀਂ ਚਾਹੁੰਦੇ ਹਨ ਪਰ ਜਦੋਂ ਉਨ੍ਹਾਂ ਤੋਂ ਈਰਾਨ ਵੱਲੋਂ ਸਿੱਧੇ ਹਮਲੇ ਦੀ ਸੰਭਾਵਨਾ ਬਾਰੇ ਪੁੱਛਿਆ ਗਿਆ ਤਾਂ ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਨੇ ਅਮਰੀਕਾ ਨੂੰ ਸਿੱਧੇ ਤੌਰ 'ਤੇ ਜਵਾਬ ਦੇਣ ਦੀ ਚੋਣ ਕੀਤੀ ਤਾਂ ਉਨ੍ਹਾਂ ਨੂੰ ਸਾਡੇ ਵੱਲੋਂ ਤੇਜ਼ ਅਤੇ ਸਖ਼ਤ ਜਵਾਬ ਮਿਲੇਗਾ।

## ਅਮਰੀਕਾ ਦੀ ਫੌਜ ਵਿਚ ਪਹਿਲੇ ਦਸਤਾਰਧਾਰੀ ਸਿੱਖ ਲੈਫਟੀਨੈਂਟ ਕਰਨਲ ਤੇਜਦੀਪ ਸਿੰਘ ਰਤਨ ਲੜਨਗੇ ਸਿਟੀ ਕੌਂਸਲ ਦੀਆਂ ਚੋਣਾਂ

ਕੈਲੀਫੋਰਨੀਆ, 5 ਫਰਵਰੀ (ਪੋਸਟ ਬਿਊਰੋ): ਸਾਲ 2009 ਵਿੱਚ ਆਪਣੇ ਸਿੱਖੀ ਸਰੂਪ ਨਾਲ ਅਮਰੀਕਾ ਦੀ ਫੌਜ ਵਿੱਚ ਭਰਤੀ ਹੋਣ ਲਈ ਆਗਿਆ ਪ੍ਰਾਪਤ ਕਰਨ ਵਾਲੇ ਪਹਿਲੇ ਸਾਬਤ ਸੂਰਤ ਦਸਤਾਰਧਾਰੀ ਸਿੱਖ, ਲੈਫਟੀਨੈਂਟ ਕਰਨਲ ਡਾ. ਤੇਜਦੀਪ ਸਿੰਘ ਰਤਨ ਨੇ ਅਮਰੀਕਾ ਵਿੱਚ ਕੈਲੀਫੋਰਨੀਆ ਸੂਬੇ ਦੇ ਸ਼ਹਿਰ ਮਾਊਨਟੇਨ ਹਾਊਸ ਦੀਆਂ ਅਗਾਮੀ ਮਾਰਚ 2024 ਵਾਲੀਆਂ ਸਿਟੀ ਕੌਂਸਲ ਚੋਣਾਂ ਵਿੱਚ ਕਾਊਂਸਲ ਮੈਂਬਰ ਵੱਜੋਂ ਚੋਣ ਲੜਨ ਲਈ ਆਪਣੇ ਨਾਂ ਦਾ ਐਲਾਨ ਕੀਤਾ ਹੈ। ਕੌਂਸਲ ਦੇ 4 ਮੈਂਬਰਾਂ ਨੂੰ ਚੁਣਣ ਲਈ, ਕੁੱਲ 8 ਉਮੀਦਵਾਰ ਮੈਦਾਨ ਵਿੱਚ ਹਨ ਅਤੇ ਇਹਨਾਂ ਵਿੱਚੋਂ ਸਿਰਫ ਰਤਨ ਹੀ ਸਿੱਖ ਭਾਈਚਾਰੇ ਨਾਲ ਸੰਬੰਧ ਰੱਖਦੇ ਹਨ। ਇਸ ਚੋਣ ਲਈ ਸ਼ਹਿਰ ਵਾਸੀ 5 ਫਰਵਰੀ ਤੋਂ ਲੈ ਕੇ 5 ਮਾਰਚ 2024 ਤੱਕ ਵੋਟਾਂ ਪਾ ਸਕਦੇ ਹਨ।

ਡਾ. ਰਤਨ ਨੇ ਸਾਲ 2015 ਵਿੱਚ ਆਪਣੀ ਕੁੱਲ-ਵਕਤੀ ਫੌਜੀ ਸੇਵਾ ਦੀ ਸਮਾਪਤੀ ਤੋਂ ਬਾਅਦ ਮਾਊਨਟੇਨ ਹਾਊਸ ਸ਼ਹਿਰ ਵਿਖੇ ਆਪਣਾ ਘਰ ਖਰੀਦਿਆ ਜਿੱਥੇ ਉਹ ਆਪਣੀ ਪਤਨੀ ਜਸਜੀਤ ਕੌਰ ਅਤੇ ਦੋ ਬੱਚਿਆਂ ਦੇ ਨਾਲ ਰਹਿੰਦੇ ਹਨ। ਉਹ ਕਿੱਤੇ ਵੱਜੋਂ



ਇੱਕ ਦੰਦਾਂ ਦੇ ਡਾਕਟਰ ਹੋਣ ਦੇ ਨਾਲ ਫੌਜ ਦੀ ਰਿਜ਼ਰਵ ਬਟਾਲੀਅਨ ਵਿੱਚ ਵੀ ਆਪਣੀ ਸੇਵਾ ਨਿਭਾ ਰਹੇ ਹਨ ਅਤੇ ਹਾਲ ਹੀ ਵਿੱਚ ਉਨ੍ਹਾਂ ਨੂੰ ਨਵੰਬਰ 2024 ਵਿੱਚ ਸ਼ੁਰੂ ਹੋਣ ਵਾਲੇ ਆਰਮੀ ਰਿਜ਼ਰਵ ਦੇ ਅਗਲੇ ਸੈਸ਼ਨ ਲਈ ਬਟਾਲੀਅਨ ਕਮਾਂਡ ਵਾਸਤੇ ਚੁਣਿਆ ਗਿਆ ਹੈ।

ਆਪਣੇ ਸਾਥੀਆਂ ਵਿੱਚ “ਟੀ ਜੇ”ਦੇ ਨਾਮ ਨਾਲ ਜਾਣੇ ਜਾਂਦੇ ਰਤਨ ਦਾ ਕਹਿਣਾ ਹੈ ਕਿ, “ਫੌਜ ਵਿੱਚ ਨਿਰਸਵਾਰਥ ਸੇਵਾ ਦੀਆਂ ਕਦਰਾਂ-ਕੀਮਤਾਂ ਤੋਂ ਪ੍ਰੇਰਿਤ ਹੋ ਕੇ, ਅਮਰੀਕਾ ਦੇ ਸਭ ਤੋਂ ਨਵੇਂ ਸ਼ਹਿਰ ਵਜੋਂ ਮਾਨਤਾ ਪ੍ਰਾਪਤ ਮਾਊਨਟੇਨ ਹਾਊਸ ਦੀ ਸੁਰੱਖਿਆ ਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਅਤੇ ਭਾਈਚਾਰੇ ਨੂੰ ਵਿਕਸਤ ਕਰਨਾ ਮੇਰਾ ਮੁੱਖ ਮਕਸਦ ਹੈ। ਸਿਟੀ ਕੌਂਸਲ ਲਈ ਚੋਣ ਲੜਨ ਦਾ ਮੇਰਾ ਫੈਸਲਾ ਜਨਤਕ ਸੇਵਾ ਅਤੇ ਭਾਈਚਾਰਕ ਭਲਾਈ ਲਈ ਮੇਰੇ ਸਮਰਪਣ ਦਾ ਪ੍ਰਮਾਣ ਹੈ। ਯੂ.ਐਸ. ਆਰਮਡ ਫੋਰਸਿਜ਼ ਵਿੱਚ ਮੇਰੀ ਭੂਮਿਕਾ ਅਤੇ ਵਿਲੱਖਣ ਤਜ਼ਰਬਾ, ਮੈਨੂੰ ਸਿਟੀ ਕੌਂਸਲ ਵਿੱਚ ਪ੍ਰਭਾਵਸ਼ਾਲੀ ਢੰਗ ਨਾਲ ਯੋਗਦਾਨ ਪਾਉਣ ਵਿੱਚ ਸਹਾਈ ਹੋਵੇਗਾ।”

ਸ਼ਹਿਰ ਵਾਸੀਆਂ ਦੇ ਸਮਰਥਨ ਦੀ ਮਹੱਤਤਾ ਨੂੰ ਪਛਾਣਦੇ ਹੋਏ, ਡਾ. ਰਤਨ ਨੇ ਕਮਿਊਨਿਟੀ ਨੂੰ ਇੱਕ ਸਿਹਤਮੰਦ ਤੇ ਸੰਗਠਿਤ ਬਨਾਉਣ ਲਈ ਸੱਦਾ ਦਿੱਤਾ ਹੈ। ਉਹਨਾਂ ਮਾਊਨਟੇਨ ਹਾਊਸ ਦੇ ਹਰੇਕ 7 ਪਿੰਡਾ ਵਿੱਚੋਂ ਘੱਟੋ-ਘੱਟ 6 ਵਲੰਟੀਅਰਾਂ ਨੂੰ ਇਸ ਚੋਣ ਮੁਹਿੰਮ ਵਿੱਚ ਉਹਨਾਂ ਨਾਲ ਮੋਢਾ ਜੋੜਨ ਦੀ ਬੇਨਤੀ ਕੀਤੀ ਹੈ।





































## ਅੱਜ ਨਾਮਾ

ਚੰਡੀਗੜ੍ਹ ਮੇਅਰ ਦੀ ਚੋਣ ਦਾ ਪਿਆ ਰੱਟਾ,
ਸੁਪਰੀਮ ਕੋਰਟ ਨੇ ਕਰੀ ਸੁਣਵਾਈ ਬੇਲੀ।
ਜਿੱਦਾਂ ਦਾ ਹੋਇਆ ਤਮਾਸ਼ਾ ਸੀ ਚੋਣ ਮੌਕੇ,
ਉਹਦੀ ਗਈ ਸੀ ਫਿਲਮ ਚਲਵਾਈ ਬੇਲੀ।
ਆਪਣੇ ਅੱਖੀਂ ਜਾਂ ਵੇਖ ਲਿਆ ਹਾਲ ਪੂਰਾ,
ਹੈਰਾਨਗੀ ਕੋਰਟ ਨੇ ਕੁੱਲ ਦਿਖਾਈ ਬੇਲੀ।
ਬਾਕੀ ਹੁਕਮ ਤਾਂ ਜਿਹੜੇ ਸਨ ਕਈ ਕੀਤੇ,
ਚੋਣ ਅਫਸਰ ਨੂੰ ਝਾੜ ਫਿਰਪਾਈ ਬੇਲੀ।
ਜਿੱਡਾ ਸਖਤ ਅਦਾਲਤ ਨੇ ਹੁਕਮ ਕਰਿਆ,
ਬੱਝਿਆ ਕਈਆਂ ਨੂੰ ਹੋਣਾ ਧਰਵਾਸ ਬੇਲੀ।
ਹਰ ਇੱਕ ਪਾਸੇ ਜਾਂ ਮੱਚੀ ਅਨ੍ਹੇਰ-ਗਰਦੀ,
ਬਾਕੀ ਅਦਾਲਤ ਤੋਂ ਲੋਕਾਂ ਨੂੰ ਆਸ ਬੇਲੀ।

**ਤੀਸ ਮਾਰ ਖਾਂ**

# ਮੈਡੀਕਲ ਅਫਸਰ ਭਰਤੀ ਘੁਟਾਲਾ: ਸਿਹਤ ਵਿਭਾਗ ਨੇ ਪੁਲਿਸ ਨੂੰ ਕਸੂਰਵਾਰ ਉਮੀਦਵਾਰਾਂ ਖਿਲਾਫ ਕਾਰਵਾਈ ਕਰਨ ਲਈ ਕਿਹਾ

ਚੰਡੀਗੜ੍ਹ, 5 ਫਰਵਰੀ (ਗਿਆਨ ਸਿੰਘ):: ਪੰਜਾਬ ਪਬਲਿਕ ਸਰਵਿਸ ਕਮਿਸ਼ਨ (ਪੀ.ਪੀ.ਐਸ.ਸੀ.) ਵੱਲੋਂ 2008-09 ਦੌਰਾਨ ਮੈਡੀਕਲ ਅਫਸਰਾਂ (ਐਮ.ਓ.) ਦੀ ਭਰਤੀ ਵਿੱਚ ਕੀਤੇ ਘੁਟਾਲੇ ਦੀ ਜਾਂਚ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਹਾਈ ਕੋਰਟ ਦੁਆਰਾ ਗਠਿਤ ਵਿਸ਼ੇਸ਼ ਜਾਂਚ ਟੀਮ (ਸਿੱਟ) ਦੁਆਰਾ ਕੀਤੀ ਸਿਫ਼ਾਰਸ਼ ਅਨੁਸਾਰ ਰਾਜ ਸਰਕਾਰ ਨੂੰ ਪੁਲਿਸ ਵਿਭਾਗ ਰਾਹੀਂ ਅਜਿਹੇ ਕਸੂਰਵਾਰ ਉਮੀਦਵਾਰਾਂ ਖ਼ਲਾਫ਼ ਕਾਰਵਾਈ ਨੂੰ ਅੰਜਾਮ ਦੇਣ ਲਈ ਕਿਹਾ ਹੈ। ਇਸ ਤੋਂ ਬਾਅਦ, 19 ਦਸੰਬਰ, 2023 ਨੂੰ, ਸਿਹਤ ਅਤੇ ਪਰਿਵਾਰ ਭਲਾਈ ਦੇ ਸਕੱਤਰ ਨੇ ਪੁਲਿਸ ਨੂੰ ਇਸ ਬਾਰੇ ਲੋੜੀਂਦੇ ਕਦਮ ਚੁੱਕਣ ਦੇ ਨਿਰਦੇਸ਼ ਦਿੱਤੇ ਹਨ। ਇਸ ਦੌਰਾਨ, ਵਿਜੀਲੈਂਸ ਨੇ ਆਪਣੇ ਪਟਿਆਲਾ ਰੇਂਜ ਥਾਣੇ ਵਿੱਚ ਦੋ ਕੇਸ ਪਹਿਲਾਂ ਹੀ ਦਰਜ ਕੀਤੇ ਹੋਏ ਹਨ ਜਿੰਨਾਂ ਦੀ ਅਗਲੇਰੀ ਜਾਂਚ ਸਰਗਰਮੀ ਨਾਲ ਜਾਰੀ ਹੈ।

ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਘੁਟਾਲੇ ਦੀ ਜਾਂਚ ਲਈ ਹਾਈ ਕੋਰਟ ਵੱਲੋਂ ਗਠਿਤ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਨੇ ਮੈਡੀਕਲ ਖੇਤਰ ਵਿੱਚ ਬਤੌਰ ਸਮਾਜ ਸੇਵਕ ਕੰਮ ਕਰਨ ਦੇ ਫਰਜ਼ੀ ਸਰਟੀਫੀਕੇਟ ਪੇਸ਼ ਕਰਨ ਵਾਲੇ ਦੋਸ਼ੀ ਉਮੀਦਵਾਰਾਂ ਖ਼ਿਲਾਫ਼ ਆਈਪੀਸੀ ਦੀ ਧਾਰਾ 120-ਬੀ, 420, 468 ਅਤੇ 471 ਤਹਿਤ ਕੇਸ ਦਰਜ ਕਰਨ ਦੀ ਸਿਫ਼ਾਰਸ਼ ਕੀਤੀ ਸੀ। ਵਿਜੀਲੈਂਸ ਨੇ 15 ਦਸੰਬਰ, 2023 ਨੂੰ ਰਾਜ ਸਰਕਾਰ ਨੂੰ ਅਜਿਹੇ ਮੈਡੀਕਲ ਅਫਸਰਾਂ ਖਿਲਾਫ ਪੁਲੀਸ ਵਿਭਾਗ ਰਾਹੀਂ ਕੇਸ ਦਰਜ ਕਰਾਉਣ ਲਈ ਕਿਹਾ ਸੀ।

ਇਸ ਸਬੰਧੀ ਹੋਰ ਵੇਰਵੇ ਦਿੰਦੇ ਹੋਏ, ਬੁਲਾਰੇ ਨੇ ਦੱਸਿਆ ਕਿ ਪੰਜਾਬ ਸਰਕਾਰ ਤੋਂ 14 ਦਸੰਬਰ, 2023 ਨੂੰ ਪ੍ਰਾਪਤ ਹੋਏ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ, ਵਿਜੀਲੈਂਸ ਬਿਊਰੋ ਨੇ ਉਕਤ ਭਰਤੀ ਘੁਟਾਲੇ ਨਾਲ ਸਬੰਧਤ ਦੋ ਕੇਸ ਦਰਜ ਕੀਤੇ ਹਨ। ਇਸ ਸਬੰਧ ਵਿੱਚ ਐਮ.ਓਜ਼ ਦੀ ਚੋਣ ਪ੍ਰਕਿਰਿਆ ਦੌਰਾਨ ਸਾਜ਼ਿਸ਼ ਰਚਣ ਅਤੇ ਪੇਸ਼ਵਰਾਨਾ ਬੇਨਿਯਮੀਆਂ ਕਰਨ ਵਾਲੇ ਪੀਪੀਐਸਸੀ ਦੇ ਤੱਤਕਾਲੀ ਮੈਂਬਰਾਂ ਦੇ ਖਿਲਾਫ ਐਫਆਈਆਰ ਨੰਬਰ 45 ਮਿਤੀ 18 ਦਸੰਬਰ, 2023 ਨੂੰ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ, ਪਟਿਆਲਾ ਰੇਂਜ ਵਿਖੇ, ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1)(2) ਅਤੇ ਆਈਪੀਸੀ ਦੀਆਂ ਧਾਰਾਵਾਂ 409 ਅਤੇ 120 ਬੀ ਦੇ ਤਹਿਤ ਦਰਜ ਕੀਤੀ ਗਈ ਹੈ।

ਇਸ ਤੋਂ ਇਲਾਵਾ, ਇੱਕ ਹੋਰ ਐਫਆਈਆਰ ਨੰਬਰ 46 ਮਿਤੀ 18 ਦਸੰਬਰ, 2023 ਨੂੰ ਵਿਜੀਲੈਂਸ ਬਿਊਰੋ ਦੇ ਪੁਲਿਸ ਥਾਣਾ ਪਟਿਆਲਾ ਰੇਂਜ ਵਿਖੇ ਪੀਪੀਐਸਸੀ ਦੇ ਤਤਕਾਲੀ ਮੈਂਬਰ ਡਾ. ਸਤਵੰਤ ਸਿੰਘ ਮੋਹੀ ਖਿਲਾਫ ਆਮਦਨ ਤੋਂ ਵੱਧ ਜਾਇਦਾਦ ਰੱਖਣ ਦੇ ਦੋਸ਼ ਹੇਠ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1)(ਏ) ਅਤੇ 13(2) ਤਹਿਤ ਵੀ ਦਰਜ ਕੀਤੀ ਗਈ ਹੈ।

ਬੁਲਾਰੇ ਨੇ ਖੁਲਾਸਾ ਕੀਤਾ ਕਿ ਸੀਨੀਅਰ ਸੁਪਰਡੈਂਟ ਆਫ ਪੁਲਿਸ, ਵਿਜੀਲੈਂਸ ਬਿਊਰੋ, ਰੇਂਜ ਪਟਿਆਲਾ ਦੀ ਨਿਗਰਾਨੀ ਵਾਲੀ ਐਸ.ਆਈ.ਟੀ, ਦੋਵਾਂ ਮਾਮਲਿਆਂ ਦੀ ਸਰਗਰਮੀ ਨਾਲ ਅਗਲੇਰੀ ਜਾਂਚ ਕਰ ਰਹੀ ਹੈ। ਐਫਆਈਆਰ ਨੰਬਰ 45/2023 ਵਿੱਚ ਡਾ: ਸਤਵੰਤ ਸਿੰਘ ਮੋਹੀ ਨੂੰ 19 ਦਸੰਬਰ, 2023 ਨੂੰ ਵਿਜੀਲੈਂਸ ਬਿਊਰੋ ਦੁਆਰਾ ਗ੍ਰਿਫਤਾਰ ਕਰ ਲਿਆ ਸੀ। ਇਸ ਕੇਸ ਦੇ ਤਿੰਨ ਹੋਰ ਦੋਸ਼ੀਆਂ ਡੀ.ਐਸ. ਮਾਹਲ, ਰਵਿੰਦਰ ਕੌਰ ਅਤੇ ਅਨਿਲ ਸਰੀਨ ਨੂੰ ਹਾਈਕੋਰਟ ਨੇ ਗ੍ਰਿਫਤਾਰੀ ਤੋਂ ਅੰਤਰਿਮ ਸੁਰੱਖਿਆ ਦਿੰਦਿਆਂ ਵਿਜੀਲੈਂਸ ਜਾਂਚ ਵਿੱਚ ਸ਼ਾਮਲ ਹੋਣ ਦੇ ਨਿਰਦੇਸ਼ ਦਿੱਤੇ ਹਨ। ਸਿੱਟੇ ਵਜੋਂ ਉਕਤ ਸਾਰੇ ਮੁਲਜ਼ਮ ਸ਼ਾਮਲ ਤਫ਼ਤੀਸ਼ ਹੋ ਚੁੱਕੇ ਹਨ।

# 'ਸਫਲ ਕਰੀਅਰ ਲਈ ਜੀਵਨ ਹੁਨਰਾਂ ਦੀ ਮਹੱਤਤਾ' ਬਾਰੇ ਭਾਸ਼ਣ ਦਾ ਆਯੋਜਨ



ਅੰਮ੍ਰਿਤਸਰ, 5 ਫਰਵਰੀ (ਪੋਸਟ ਬਿਊਰੋ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪਲੇਸਮੈਂਟ ਐਂਡ ਕਰੀਅਰ ਇਨਹਾਂਸਮੈਂਟ ਡਾਇਰੈਕਟੋਰੇਟ ਵੱਲੋਂ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਦੀ ਯੋਗ ਅਗਵਾਈ ਹੇਠ 'ਸਫਲ ਕਰੀਅਰ ਲਈ ਜੀਵਨ ਹੁਨਰਾਂ ਦੀ ਮਹੱਤਤਾ' ਵਿਸ਼ੇ 'ਤੇ ਭਾਸ਼ਣ ਦਾ ਆਯੋਜਨ ਕਰਵਾਇਆ ਗਿਆ। ਸ਼੍ਰੀਮਤੀ ਮਨਿੰਦਰ ਸਚਦੇਵ, ਸਾਬਕਾ ਸੀਬੀਆਈ ਅਧਿਕਾਰੀ ਨੇ ਇਸ ਮੌਕੇ ਇੰਜਨੀਅਰਿੰਗ, ਐਮ.ਬੀ.ਏ., ਸਾਇੰਸਜ਼ ਅਤੇ ਲਾਈਫ ਸਾਇੰਸਜ਼ ਫੈਕਲਟੀ ਦੇ ਵਿਦਿਆਰਥੀਆਂ ਨੂੰ ਜੀਵਨ ਹੁਨਰਾਂ ਬਾਰੇ ਦਸਦਿਆਂ ਸਫਲਤਾ ਲਈ ਮਿਹਨਤ ਅਤੇ ਸਹੀ ਦਿਸ਼ਾ ਦੀ ਮਹੱਤਤਾ ਬਾਰੇ ਵੀ ਦੱਸਿਆ। ਇਸ ਭਾਸ਼ਣ ਵਿੱਚ ਵੱਖ-ਵੱਖ ਕੋਰਸਾਂ ਦੇ 300 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ।

ਸ਼੍ਰੀਮਤੀ ਸਚਦੇਵ ਨੇ ਨੌਜਵਾਨ ਵਿਦਿਆਰਥੀਆਂ ਨੂੰ ਸਮਾਂ ਪ੍ਰਬੰਧਨ, ਨਿਰੰਤਰ ਸਿਖਲਾਈ, ਅਨੁਕੂਲਤਾ, ਸੰਚਾਰ ਹੁਨਰ, ਆਤਮ ਵਿਸ਼ਵਾਸ ਅਤੇ ਸ਼ਖਸੀਅਤ ਵਿਕਾਸ ਵਰਗੇ ਲਾਈਫ ਸਕਿੱਲ ਵਿਸ਼ਿਆਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਉਦਯੋਗ ਵਿੱਚ ਹੋ ਰਹੀਆਂ ਗਤੀਸ਼ੀਲ ਤਬਦੀਲੀਆਂ ਦੇ ਅਨੁਸਾਰ ਨਵੀਂ ਤਕਨੀਕਾਂ ਨੂੰ ਸਮਝਣ ਅਤੇ ਅਨੁਕੂਲ ਬਣਾਉਣ ਦੀ ਲੋੜ ਹੈ।

# ਫਿਰੋਜ਼ਪੁਰ ਦੀ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਰਾਜ ਪੱਧਰੀ ਪਤੰਗਬਾਜ਼ੀ ਦੇ ਨਾਕ ਆਊਟ ਮੁਕਾਬਲੇ ਦੇ ਪਹਿਲੇ ਦਿਨ ਦੀ ਸ਼ੁਰੂਆਤ ਹੋਈ

ਫਿਰੋਜ਼ਪੁਰ 5 ਫਰਵਰੀ (ਗਿਆਨ ਸਿੰਘ): ਫਿਰੋਜ਼ਪੁਰ ਦੀ ਸ਼ਹੀਦ ਭਗਤ ਸਿੰਘ ਸਟੇਟ ਯੂਨੀਵਰਸਿਟੀ ਵਿਖੇ ਕਰਵਾਏ ਜਾ ਰਹੇ ਰਾਜ ਪੱਧਰੀ ਪਤੰਗਬਾਜ਼ੀ ਦੇ ਨਾਕ ਆਊਟ ਮੁਕਾਬਲਿਆਂ ਦੇ ਪਹਿਲੇ ਦਿਨ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਵੱਲੋਂ ਕਰਵਾਈ ਗਈ! ਜਿੱਥੇ ਡਿਪਟੀ ਕਮਿਸ਼ਨਰ ਤੇ ਆਮ ਲੋਕਾਂ ਵੱਲੋਂ ਰਾਜ ਪੱਧਰੀ ਪਤੰਗਬਾਜ਼ੀ ਦੇ ਨਾਕ ਆਊਟ ਮੁਕਾਬਲਿਆਂ ਦਾ ਆਨੰਦ ਮਾਣਿਆ ਗਿਆ ਉੱਥੇ ਹੀ ਪਤੰਗਬਾਜ਼ੀ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲਿਆਂ ਅਤੇ ਖਾਸ ਕਰ ਜੇਤੂਆਂ ਨੂੰ ਮੁਬਾਰਕਬਾਦ ਵੀ ਦਿੱਤੀ ਗਈ!



ਜ਼ਿਲ੍ਹੇ ਦੇ ਪੱਤਰਕਾਰਾਂ ਨਾਲ ਵਿਸ਼ੇਸ਼ ਪ੍ਰੈਸ ਕਾਨਫਰੰਸ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਰਵਾਇਤੀ ਅਤੇ ਵਿਰਾਸਤੀ ਮੇਲਿਆਂ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਤੇ ਨੌਜਵਾਨਾਂ ਦੀ ਰੁਚੀ ਨੂੰ ਹੋਰ ਵਧਾਉਣ ਲਈ ਇਸ ਮੇਲੇ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਕਿਹਾ ਕਿ ਪਤੰਗਬਾਜ਼ੀ ਦੇ ਇਹ ਨਾਕ ਆਊਟ ਮੁਕਾਬਲੇ ਵਾਤਾਵਰਨ ਦੀ ਸੰਭਾਲ, ਨਾਰੀ ਸ਼ਕਤੀ, ਵੋਟਾਂ ਪ੍ਰਤੀ ਜਾਗਰੂਕਤਾ ਅਤੇ ਦਵਿਆਂਗਜਨਾ ਨੂੰ ਸਮਰਪਿਤ ਹਨ! ਉਨ੍ਹਾਂ ਦੱਸਿਆ ਕਿ ਇਸ ਰਾਜ ਪੱਧਰੀ ਮੁਕਾਬਲੇ ਵਿੱਚ ਹਿੱਸਾ ਲੈਣ ਲਈ 3 ਹਜ਼ਾਰ ਰਜਿਸਟਰੇਸ਼ਨ ਹੋਈ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਭ ਤੋਂ ਆਕਰਸ਼ਿਤ ਮੁਕਾਬਲਾ 'ਸਭ ਤੋਂ ਵੱਡਾ ਪਤੰਗਬਾਜ' ਮੁਕਾਬਲਾ ਹੋਵੇਗਾ ਅਤੇ ਇਹ 11 ਫਰਵਰੀ ਨੂੰ ਹੋਵੇਗਾ ਇਸ ਮੁਕਾਬਲੇ ਦੇ ਜੇਤੂਆਂ ਨੂੰ 2 ਲੱਖ ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਨਾਮ ਵੰਡ ਸਮਾਰੋਹ ਵੀ 11 ਫਰਵਰੀ ਨੂੰ ਹੋਵੇਗੀ। ਉਨ੍ਹਾਂ ਦੱਸਿਆ ਕਿ ਜਿਥੇ ਵਿਦੇਸ਼ੀ ਲੋਕ ਇਨ੍ਹਾਂ ਪਤੰਗਬਾਜ਼ੀ ਮੁਕਾਬਲਿਆਂ ਦੌਰਾਨ ਵੱਖ-ਵੱਖ ਭਾਂਤ ਦੇ ਪਤੰਗਾਂ ਨਾਲ ਲੋਕਾਂ ਦਾ ਮਨੋਰੰਜਨ ਕਰਨਗੇ ਉੱਥੇ ਹੀ ਦਵਿਆਂਗਜਨਾਂ ਦਾ ਵੀ ਇੱਕ ਵੱਖਰਾ ਮੁਕਾਬਲਾ ਹੋਵੇਗਾ।

ਗ੍ਰੀਸ ਦੇਸ਼ ਤੋਂ ਨੌਜਵਾਨ ਕੋਸਤਾ ਜੋ ਕਿ ਪਤੰਗਬਾਜ਼ੀ ਚੈਂਪੀਅਨਸ਼ਿਪ 2023 ਦਾ ਵਿਜੇਤਾ ਹੈ। ਉਹਨਾਂ ਦੱਸਿਆ ਕਿ ਇਹ ਨੌਜਵਾਨ ਵੱਖ ਵੱਖ ਤਰ੍ਹਾਂ ਦੇ ਪਤੰਗ ਉਡਾਉਂਦਾ ਹੈ ਤੇ ਖੁਦ ਹੀ ਪਤੰਗ ਵੀ ਬਣਾਉਂਦਾ ਹੈ। ਉਨ੍ਹਾਂ ਕਿਹਾ ਕਿ ਇਹ ਨੌਜਵਾਨ ਰੋਜ਼ਾਨਾ ਵੱਖ-ਵੱਖ ਤਰ੍ਹਾਂ ਦੇ ਪਤੰਗ ਉਡਾ ਕੇ ਸਮੂਹ ਹਾਜ਼ਰੀਨ ਦਾ ਮਨੋਰੰਜਨ ਕਰੇਗਾ। ਉਨ੍ਹਾਂ ਰਾਜ ਵਾਸੀਆਂ ਨੂੰ ਇਨ੍ਹਾਂ ਪਤੰਗਬਾਜ਼ੀ ਮੁਕਾਬਲਿਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਅਤੇ ਦੋ ਰੋਜ਼ਾ ਰਾਜ ਪੱਧਰੀ ਸਮਾਗਮ ਦਾ ਆਨੰਦ ਮਾਨਣ ਦੀ ਵੀ ਅਪੀਲ ਕੀਤੀ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਡਾ. ਨਿਧੀ ਕੁਮੁਦ ਬਾਮਬਾ, ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਗਦੀਪ ਸਿੰਘ, ਰਜਿਸਟਰਾਰ ਡਾ ਗ਼ਜ਼ਲਪ੍ਰੀਤ ਸਿੰਘ, ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ, ਡਿਪਟੀ ਡੀ.ਈ.ਓ ਪ੍ਰਗਟ ਸਿੰਘ ਬਰਾੜ, ਪ੍ਰਿੰਸੀਪਲ ਡਾ. ਸਤਿੰਦਰ ਸਿੰਘ ਅਤੇ ਇੰਡੀਅਨ ਕਾਈਟ ਟੀਮ ਤੋਂ ਵਰੁਣ ਚੱਡਾ ਤੋਂ ਇਲਾਵਾ ਵੱਖ ਵੱਖ ਐਨ.ਜੀ.ਓਜ ਦੇ ਨੁਮਾਇੰਦੇ ਹਾਜ਼ਰ ਸਨ।

# ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਵਲੋਂ ਵਿਕਾਸ ਦੇ ਕੰਮਾਂ ਦੀ ਪ੍ਰਗਤੀ ਸਬੰਧੀ ਰੀਵਿਊ ਮੀਟਿੰਗਾਂ ਦਾ ਦੌਰ ਜਾਰੀ

## ਨਵੇਂ ਪ੍ਰਾਜੈਕਟਾਂ ਦੀ ਦਫ਼ਤਰੀ ਪ੍ਰਕਿਰਿਆ ਛੇਤੀ ਮੁਕੰਮਲ ਕਰਨ 'ਤੇ ਦਿੱਤਾ ਜ਼ੋਰ

ਚੰਡੀਗੜ੍ਹ, 5 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਬਲਕਾਰ ਸਿੰਘ ਵੱਲੋਂ ਸੂਬੇ ਦੇ ਵਿਭਿੰਨ ਵਿਕਾਸ ਕਾਰਜਾਂ ਦੀ ਪ੍ਰਗਤੀ ਸਬੰਧੀ ਰੀਵਿਊ ਮੀਟਿੰਗਾਂ ਦਾ ਦੌਰ ਲਗਾਤਾਰ ਜਾਰੀ ਹੈ। ਉਨ੍ਹਾਂ ਨੇ ਵਿਧਾਇਕਾਂ ਅਤੇ ਹਲਕਾ ਇੰਚਾਰਜਾਂ ਦੀ ਹਾਜ਼ਰੀ ਵਿੱਚ ਮੁੱਖ ਦਫ਼ਤਰ ਅਤੇ ਖੇਤਰੀ ਦਫ਼ਤਰ ਦੇ ਸੀਨੀਅਰ ਅਧਿਕਾਰੀਆਂ ਨਾਲ ਪ੍ਰਗਤੀ ਅਧੀਨ ਕੰਮਾਂ ਦੀ ਜਾਇਜ਼ਾ ਮੀਟਿੰਗ ਕਰਦਿਆਂ ਨਵੇਂ ਪ੍ਰਾਜੈਕਟਾਂ ਦੀ ਦਫ਼ਤਰੀ ਪ੍ਰਕਿਰਿਆ ਛੇਤੀ ਮੁਕੰਮਲ ਕਰਨ 'ਤੇ ਜ਼ੋਰ ਦਿੱਤਾ।

ਅੱਜ ਇਥੇ ਮਿਉਂਸੀਪਲ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਦੌਰਾਨ ਸਵੱਛ ਭਾਰਤ ਅਤੇ ਅਮਰੁੱਤ ਮਿਸ਼ਨ ਅਧੀਨ ਆਉਂਦੇ ਕੰਮਾਂ ਲਈ ਜਾਰੀ ਫੰਡਾਂ, ਕੰਮਾਂ ਦੀ ਮੌਜੂਦਾ ਸਥਿਤੀ, ਖ਼ਰਚ ਕੀਤੇ ਫੰਡਾਂ ਅਤੇ ਬਕਾਇਆ ਫੰਡਾਂ ਦੀ ਵਿਸਤ੍ਰਿਤ ਜਾਣਕਾਰੀ ਲੈਣ ਉਪਰੰਤ ਉਨ੍ਹਾਂ ਨੇ ਅਧਿਕਾਰੀਆਂ ਨੂੰ ਵਿਕਾਸ ਪ੍ਰਾਜੈਕਟਾਂ ਨੂੰ ਤੇਜੀ ਨਾਲ ਮੁਕੰਮਲ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਸੂਬੇ ਦੇ ਸ਼ਹਿਰਾਂ ਦਾ ਬਹੁ-ਪੱਖੀ ਅਤੇ ਯੋਜਨਾਬੱਧ ਵਿਕਾਸ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਚਨਬੱਧ ਹੈ। ਇਸ ਉਦੇਸ਼ ਦੀ ਪੂਰਤੀ ਲਈ ਕੈਬਨਿਟ ਮੰਤਰੀ ਵੱਲੋਂ ਇਕੱਲੀ-ਇਕੱਲੀ ਸਕੀਮ ਵਿੱਚ ਕਵਰ ਹੋਣ ਵਾਲੇ ਕੰਮਾਂ ਦੀ ਪ੍ਰਗਤੀ ਅਤੇ ਬਕਾਇਆ ਫੰਡਾਂ ਬਾਰੇ ਮੁਕੰਮਲ ਜਾਣਕਾਰੀ ਵਿਧਾਇਕਾਂ ਅਤੇ ਹਲਕਾ ਇੰਚਾਰਜਾਂ ਨਾਲ ਸਾਂਝੀ ਕੀਤੀ ਗਈ।

ਕੈਬਨਿਟ ਮੰਤਰੀ ਨੇ ਸੀਨੀਅਰ ਅਤੇ ਖੇਤਰੀ ਅਧਿਕਾਰੀਆਂ ਨੂੰ ਕਿਹਾ ਕਿ ਉਹ ਵਿਕਾਸ ਕੰਮਾਂ ਬਾਰੇ ਸਾਰੀ ਜਾਣਕਾਰੀ ਵਿਧਾਇਕਾਂ ਅਤੇ ਹਲਕਾ ਇੰਚਾਰਜਾਂ ਨਾਲ ਸਾਂਝੀ ਕਰਨੀ ਯਕੀਨੀ ਬਣਾਉਣ ਤਾਂ ਜੋ ਆਮ ਜਨਤਾ ਦੀ ਸਹੂਲਤ/ਜ਼ਰੂਰਤ ਮੁਤਾਬਿਕ ਵਿਕਾਸ ਕਾਰਜ ਕਰਵਾਏ ਜਾ ਸਕਣ।

ਮੰਤਰੀ ਬਲਕਾਰ ਸਿੰਘ ਨੇ ਅੱਗੇ ਕਿਹਾ ਕਿ ਜਿਹਨਾਂ ਪ੍ਰਾਜੈਕਟਾਂ ਦੀ ਡੀਪੀਆਰ ਸਟੇਟ ਪੱਧਰੀ ਟੈਕਨੀਕਲ ਕਮੇਟੀ ਤੋਂ ਮੰਜ਼ੂਰ ਹੋ ਚੁੱਕੀ ਹੈ, ਉਹਨਾਂ ਕੰਮਾਂ ਦਾ ਟੈਂਡਰ ਪ੍ਰਕਾਸ਼ਿਤ ਕਰਵਾਕੇ ਜਲਦੀ ਕੰਮ ਸ਼ੁਰੂ ਕਰਵਾਏ ਜਾਣ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਹੋਣ ਵਾਲੀ ਕਿਸੇ ਵੀ ਅਣਗਹਿਲੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਵਿਕਾਸ ਦੇ ਕੰਮਾਂ ਲਈ ਸਰਕਾਰ ਕੋਲ ਫੰਡਾਂ ਦੀ ਕੋਈ ਘਾਟ ਨਹੀਂ ਹੈ। ਇਸ ਲਈ ਜੇਕਰ ਕਿਸੇ ਨਗਰ ਕੌਂਸਲ ਅਤੇ ਨਗਰ ਪੰਚਾਇਤ ਨੂੰ ਨਵੇਂ ਵਿਕਾਸ ਕਾਰਜਾਂ ਲਈ ਵਾਧੂ ਫੰਡਾਂ ਦੀ ਜ਼ਰੂਰਤ ਹੋਵੇ ਤਾਂ ਆਪਣੇ ਹਲਕੇ ਦੇ ਵਿਧਾਇਕ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਐਕਸ਼ਨ ਪਲਾਨ ਸਮੇਤ ਮੁਕੰਮਲ ਤਜਵੀਜ਼ ਤਿਆਰ ਕਰਕੇ ਭੇਜੀ ਜਾਵੇ। ਉਨ੍ਹਾਂ ਨੇ ਇਸ ਗੱਲ ਵੱਲ ਵੀ ਅਧਿਕਾਰੀਆਂ ਨੂੰ ਵਿਸ਼ੇਸ਼ ਧਿਆਨ ਦੇਣ ਲਈ ਆਖਿਆ ਕਿ ਬਕਾਇਆ ਫੰਡਾਂ ਨੂੰ ਵਿਕਾਸ ਕਾਰਜਾਂ ਲਈ ਨਿਰਧਾਰਿਤ ਸਮਾਂ ਸੀਮਾਂ ਵਿੱਚ ਖ਼ਰਚ ਕਰਨਾ ਯਕੀਨੀ ਬਣਾਇਆ ਜਾਵੇ।

ਉਨ੍ਹਾਂ ਕਿਹਾ ਕਿ ਸੂਬਾ ਵਾਸੀਆਂ ਨੂੰ ਸਾਫ਼-ਸੁਥਰਾ ਵਾਤਾਵਰਣ ਮੁਹੱਈਆ ਕਰਵਾਉਣ ਲਈ ਵਿਰਾਸਤੀ ਰਹਿੰਦ-ਖੂੰਹਦ ਨੂੰ ਵਿਗਿਆਨਕ ਢੰਗ ਨਾਲ ਨਿਪਟਾਇਆ ਜਾਵੇ। ਇਸ ਤੋਂ ਇਲਾਵਾ ਸੁੱਕਾ ਅਤੇ ਗਿੱਲਾ ਕੂੜੇ ਦੀ ਡੋਰ ਟੂ ਡੋਰ ਇਕੱਠਾ ਕਰਕੇ ਸਰੋਤ ਵਾਲੀ ਜਗਹਾਂ ਤੋ ਹੀ ਵੱਖ-ਵੱਖ ਕਰਕੇ ਐਮ.ਆਰ.ਐਫ ਪਲਾਂਟ ਅਤੇ ਕੰਮਪੋਸਟ ਪਿੱਟਸ ਵਿਖੇ ਪ੍ਰੋਸੈਸਿੰਗ ਲਈ ਭੇਜਿਆ ਜਾਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਇਸਦੀ ਰੀਸਾਈਕਲਿੰਗ ਉਪਰੰਤ ਇਸ ਦੀ ਖਾਦ ਬਣਾ ਕੇ ਇਸਨੂੰ ਵਰਤੋਂ ਵਿੱਚ ਲਿਆਂਦਾ ਜਾ ਸਕੇ। ਉਨ੍ਹਾਂ ਕਿਹਾ ਕਿ ਆਪਣੇ ਖੇਤਰ ਵਿੱਚ ਸੀਵਰੇਜ ਆਦਿ ਦੀ ਸਫਾਈ ਨੂੰ ਵੀ ਯਕੀਨੀ ਬਣਾਇਆ ਜਾਵੇ।

ਮੰਤਰੀ ਨੇ ਵਿਕਾਸ ਕਾਰਜਾਂ ਵਿੱਚ ਗੁਣਵੱਤਾ ਅਤੇ ਪਾਰਦਰਸ਼ਤਾ ਵੱਲ ਜੋਰ ਦਿੰਦਿਆਂ ਅਧਿਕਾਰੀਆਂ ਨੂੰ ਚਿੱਤਾਵਨੀ ਦਿੱਤੀ ਕਿ ਜੇਕਰ ਕੋਈ ਵੀ ਵਿਅੱਕਤੀ ਭ੍ਰਿਸਟਾਚਾਰ ਵਿੱਚ ਲਿੱਪਤ ਪਾਇਆ ਜਾਂਦਾ ਹੈ ਤਾਂ ਉਸਨੂੰ ਕਿਸੇ ਵੀ ਸੂਰਤ ਵਿੱਚ ਬਖ਼ਸਿਆ ਨਹੀਂ ਜਾਵੇਗਾ।

ਇਸ ਮੌਕੇ ਮੀਟਿੰਗ ਵਿੱਚ ਵਿਧਾਇਕਾਂ/ਹਲਕਾ ਇੰਚਾਰਜਾਂ ਵਿੱਚ ਅਮਨਸ਼ੇਰ ਸਿੰਘ, ਰਮਨ ਬਹਿਲ, ਸ਼ਮਸ਼ੇਰ ਸਿੰਘ, ਜਗਰੂਪ ਸਿੰਘ, ਗੁਰਦੀਪ ਸਿੰਘ ਰੰਧਾਵਾਂ, ਭਿਪ੍ਰੂਤੀ ਸ਼ਰਮਾ, ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਉਮਾ ਸ਼ੰਕਰ ਗੁਪਤਾ, ਕਮਿਸ਼ਨਰ ਨਗਰ ਨਿਗਮ, ਪਠਾਨਕੋਟ ਤੇ ਬਟਾਲਾ, ਵਧੀਕ ਡਿਪਟੀ ਕਮਿਸ਼ਨਰ (ਜਨਰਲ), ਗੁਰਦਾਸਪੁਰ ਤੇ ਪਠਾਨਕੋਟ ਤੋਂ ਇਲਾਵਾ ਨਗਰ ਕੌਂਸਲ/ਨਗਰ ਪੰਚਾਇਤਾਂ, ਗੁਰਦਾਸਪੁਰ, ਧਾਰੀਵਾਰ, ਦੀਨਾਨਗਰ, ਡੇਰਾ ਬਾਬਾ ਨਾਨਕ, ਫਤਿਹਗੜ੍ਹ ਚੂੜੀਆਂ, ਕਾਦੀਆਂ, ਸ੍ਰੀ ਹਰਗੋਬਿੰਦਪੁਰ, ਸੁਜਾਨਪੁਰ ਅਤੇ ਨਰੋਟ ਜੈਮਲ ਸਿੰਘ ਦੇ ਕਾਰਜ ਸਾਧਕ ਅਫਸਰ ਹਾਜ਼ਰ ਸਨ।


**SherGill Law Firm**
Barrister, Solicitor & Notary Public

Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters

Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



**Allseas Fisheries Inc. is Hiring!**
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net



**CHANGE OF NAME**
I, **Ramandeep Kaur Gill** d/o Parmjit Singh have changed my name from **Ramandeep Kaur Gill to Ramandeep Kaur** after divorce.
Address in India: Village **Rurka Kalan, Patti Rawal Ki, Teh. Phillaur, Jalandhar Punjab India 144031**
Current Address in Canada: **04 Adirondack Crescent, Brampton, ON L6R1E6**



ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



**TAX & ACCOUNTING**
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroverCPA Professional Corporation
214-7895 Tranmere Drive, Mississauga ON L5S 1V9



**ਬਰਾੜ ਗਰਾਜ ਡੋਰ**
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

# ਕੇਸਾਧਾਰੀ ਗੋਲਡ ਕੱਪ ਹਾਕੀ ਟੂਰਨਾਮੈਂਟ ’ਚ ਐਸ.ਜੀ.ਪੀ.ਸੀ. ਅੰਮ੍ਰਿਤਸਰ ਮਿਸਲ ਸ਼ੁੱਕਰਚੱਕੀਆਂ ਚੈਂਪੀਅਨ

## ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਮੁੱਖ ਮਹਿਮਾਨ ਦੇ ਤੌਰ ’ਤੇ ਸ਼ਿਰਕਤ

## ਸੰਧਵਾਂ ਵੱਲੋਂ ਇੰਟਰਨੈਸ਼ਨਲ ਸਿੱਖ ਸਪੋਰਟਸ ਕੌਂਸਲ ਨੂੰ 2 ਲੱਖ ਰੁਪਏ ਦੀ ਵਿੱਤੀ ਸਹਾਇਤਾ

## ਐਸ.ਜੀ.ਪੀ.ਸੀ. ਦੇ ਜਗਜੀਤ ਸਿੰਘ ਮੈਨ ਆਫ਼ ਦਾ ਟੂਰਨਾਮੈਂਟ ਤੇ ਕਰਨਦੀਪ ਸਿੰਘ ਸਰਵੋਤਮ ਗੋਲਕੀਪਰ




ਐਸ.ਏ.ਐਸ. ਨਗਰ, 5 ਫਰਵਰੀ (ਗਿਆਨ ਸਿੰਘ): ਮੋਹਾਲੀ ਦੇ ਉਲੰਪੀਅਨ ਬਲਬੀਰ ਸਿੰਘ ਸੀਨੀਅਰ ਅੰਤਰ-ਰਾਸ਼ਟਰੀ ਹਾਕੀ ਸਟੇਡੀਅਮ ਵਿਖੇ ਇੰਟਰਨੈਸ਼ਨਲ ਸਿੱਖ ਸਪੋਰਟਸ ਕੌਂਸਲ ਵੱਲੋਂ ਕਰਵਾਇਆ ਗਿਆ ਚੌਥਾ ਕੇਸਾਧਾਰੀ ਗੋਲਡ ਕੱਪ ਹਾਕੀ ਟੂਰਨਾਮੈਂਟ ਅੰਡਰ-19 ਅੱਜ ਸਮਾਪਤ ਹੋ ਗਿਆ। ਫਾਈਨਲ ਮੈਚ ਵਿਚ ਐਸ.ਜੀ.ਪੀ.ਸੀ. ਮਿਸਲ ਸ਼ੁੱਕਰਚੱਕੀਆਂ ਨੇ ਪੀ.ਆਈ.ਐਸ. ਮੁਹਾਲੀ ਮਿਸਲ ਆਹਲੂਵਾਲੀਆ ਨੂੰ 1-0 ਨਾਲ ਹਰਾ ਕੇ ਚੈਂਪੀਅਨ ਬਣੀ ਅਤੇ ਗੋਲਡ ਕੱਪ ’ਤੇ ਆਪਣਾ ਕਬਜ਼ਾ ਕੀਤਾ, ਜਦੋਂ ਕਿ ਰਾਊਂਡ ਗਲਾਸ ਮੁਹਾਲੀ ਮਿਸਲ ਨਿਸ਼ਾਨਾਂਵਾਲੀ ਨੂੰ ਤੀਸਰਾ ਅਤੇ ਪੀ.ਆਈ.ਐਸ. ਲੁਧਿਆਣਾ ਮਿਸਲ ਭੰਗੀਆਂ ਨੂੰ ਚੌਥਾ ਸਥਾਨ ਮਿਲਿਆ।

ਕੌਂਸਲ ਦੇ ਪ੍ਰਧਾਨ ਜਸਬੀਰ ਸਿੰਘ ਅਤੇ ਡਾਇਰੈਕਟਰ ਕਰਨੈਲ ਸਿੰਘ ਪੀਰਮੁਹੰਮਦ ਦੀ ਅਗਵਾਈ ਕਰਵਾਏ ਗਏ ਇਸ ਟੂਰਨਾਮੈਂਟ ਦੇ ਅੱਜ ਦੇ ਫਾਈਨਲ ਮੈਚ ਦਾ ਉਦਘਾਟਨ ਗੁਰਬਖ਼ਸ਼ ਸਿੰਘ ਖਾਲਸਾ ਮੀਤ ਪ੍ਰਧਾਨ ਐਸ.ਜੀ.ਪੀ.ਸੀ. ਤੇ ਸ: ਤੇਜਿੰਦਰ ਸਿੰਘ ਪੱਡਾ ਸਪੋਰਟਸ ਸਕੱਤਰ ਐਸ.ਜੀ.ਪੀ.ਸੀ. ਨੇ ਕੀਤਾ।

ਇਨਾਮ ਵੰਡ ਸਮਾਰੋਹ ਵਿਚ ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ ਨੇ ਮੁੱਖ ਮਹਿਮਾਨ ਵੱਜੋਂ ਪਹੁੰਚ ਕੇ ਜੇਤੂ ਟੀਮਾਂ ਤੇ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ। ਇਸ ਮੌਕੇ ਤੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖਿਡਾਰੀਆਂ ਦੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ ਵਚਨਬੱਧ ਹੈ। ਉਨ੍ਹਾਂ ਵੱਲੋਂ ਇੰਟਰਨੈਸ਼ਨਲ ਸਿੱਖ




ਸਪੋਰਟਸ ਕੌਂਸਲ ਨੂੰ 2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਐਲਾਨ ਵੀ ਕੀਤਾ।

ਅੱਜ ਦਾ ਸੈਮੀਫਾਈਨਲ ਮੈਚ ਜੁਗਰਾਜ ਸਿੰਘ ਗਿੱਲ ਟਰੱਸਟ ਚੰਡੀਗੜ੍ਹ ਦੀ ਟੀਮ ਐਸ.ਜੀ.ਪੀ.ਸੀ. ਮਿਸਲ ਸ਼ੁੱਕਰਚੱਕੀਆਂ ਅਤੇ ਮੁਹਾਲੀ ਵਾਕ ਦੀ ਟੀਮ ਪੀ.ਆਈ.ਐਸ. ਮੁਹਾਲੀ ਮਿਸਲ ਆਹਲੂਵਾਲੀਆ ਵਿੱਚ ਬਹੁਤ ਹੀ ਸੰਘਰਸ਼ਪੂਰਨ ਰਿਹਾ। ਐਸ.ਜੀ.ਪੀ.ਸੀ. ਦੇ ਖਿਡਾਰੀ ਕਮਲਦੀਪ ਸਿੰਘ ਵੱਲੋਂ ਇਕਲੌਤਾ ਜੇਤੂ ਗੋਲ ਮੈਚ ਦੇ 24ਵੇਂ ਮਿੰਟ ਵਿਚ ਕੀਤਾ ਗਿਆ। ਇਸ ਗੋਲ ਨੂੰ ਉਤਾਰਨ ਲਈ ਮੁਹਾਲੀ ਦੀ ਟੀਮ ਦੇ ਖਿਡਾਰੀਆਂ ਨੇ ਐਸ.ਜੀ.ਪੀ.ਸੀ. ਦੇ ਗੋਲ ਤੇ ਤਾਬੜਤੋੜ ਹਮਲੇ ਕੀਤੇ ਪਰ ਐਸ.ਜੀ.ਪੀ.ਸੀ. ਨੇ 1-0 ਗੋਲ ਦੇ ਫ਼ਰਕ ਨਾਲ ਚੈਂਪੀਅਨ ਖਿਤਾਬ ਹਾਸਿਲ ਕਰਕੇ ਗੋਲਡ ਕੱਪ ਤੇ ਆਪਣਾ ਕਬਜ਼ਾ ਕਰ ਲਿਆ। ਮੁਹਾਲੀ ਦੀ ਟੀਮ ਨੂੰ ਉਪ-ਚੈਂਪੀਅਨ ਦਾ ਖਿਤਾਬ ਮਿਲਿਆ। ਨਰੋਆ ਪੰਜਾਬ ਦੀ ਟੀਮ ਰਾਊਂਡ ਗਲਾਸ ਮੁਹਾਲੀ (ਮਿਸਲ ਨਿਸ਼ਾਨਾਂਵਾਲੀ) ਨੇ ਜਸਵਾਲ ਸੰਨਜ਼ ਯੂ.ਐਸ.ਏ. ਦੀ ਟੀਮ ਪੀ.ਆਈ.ਐਸ. ਲੁਧਿਆਣਾ ਮਿਸਲ ਭੰਗੀਆਂ ਨੂੰ 3-1 ਗੋਲਾਂ ਨਾਲ ਹਰਾ ਕੇ ਤੀਸਰਾ ਸਥਾਨ ਪ੍ਰਾਪਤ ਕੀਤਾ ਅਤੇ ਲੁਧਿਆਣਾ ਦੀ ਟੀਮ ਨੂੰ ਚੌਥੇ ਸਥਾਨ ਤੇ ਰਹਿ ਕੇ ਸਬਰ ਦਾ ਘੁੱਟ ਭਰਨਾ ਪਿਆ। ਇਨ੍ਹਾਂ ਤੋਂ ਇਲਾਵਾ ਐਸ.ਜੀ.ਪੀ.ਸੀ. ਦੇ ਖਿਡਾਰੀ ਨੂੰ ਜਗਜੀਤ ਸਿੰਘ ਪਲੇਅਰ ਆਫ਼ ਦਾ ਟੂਰਨਾਮੈਂਟ, ਕਰਨਦੀਪ ਸਿੰਘ ਨੂੰ ਸਰਵੋਤਮ ਗੋਲਕੀਪਰ, ਰਾਊਂਡ ਗਲਾਸ ਦੇ ਪਾਵੇਲ ਸਿੰਘ ਨੂੰ ਟਾਪ ਸਕੋਰਰ, ਐਸ.ਜੀ.ਪੀ.ਸੀ ਦੇ ਹਰਸ਼ਦੀਪ ਸਿੰਘ ਨੂੰ ਬੈਸਟ ਫਾਰਵਰਡ, ਪੀ.ਆਈ.ਐਸ. ਦੇ ਜੈਪਾਲ ਸਿੰਘ ਨੂੰ ਬੈਸਟ ਡਿਫੈਂਡਰ ਦੇ ਅਵਾਰਡ ਨਾਲ ਸਨਮਾਨਿਤ ਕੀਤਾ। ਇਸ ਮੌਕੇ ਤੇ ਉੱਘੇ ਸਮਾਜ ਸੇਵੀ ਭਾਈ ਸ਼ਮਸ਼ੇਰ ਸਿੰਘ ਪ੍ਰਭ ਆਸਰਾ ਪਡਿਆਲਾ, ਕਿਸਾਨ ਆਗੂ ਪਰਮਦੀਪ ਸਿੰਘ ਬੈਦਵਾਨ, ਸਮਾਜ ਸੇਵੀ ਨਸੀਬ ਸਿੰਘ ਸੰਧੂ, ਸਮਾਜ ਸੇਵੀ ਬੀਬੀ ਸੰਦੀਪ ਕੌਰ ਨੂੰ ਕੌਂਸਲ ਵੱਲੋਂ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ ਗਿਆ।

ਹੋਰਨਾਂ ਤੋਂ ਇਲਾਵਾ ਇਸ ਮੌਕੇ ਤੇ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ, ਦਵਿੰਦਰ ਸਿੰਘ ਬਾਜਵਾ ਖੇਡ ਪ੍ਰਮੋਟਰ, ਸੁਰਿੰਦਰ ਸਿੰਘ ਖਾਲਸਾ, ਜਗਜੀਤ ਸਿੰਘ ਬਾਜਵਾ, ਪਰਮਜੀਤ ਸਿੰਘ ਪੰਮੀ, ਅਮਰਜੀਤ ਸਿੰਘ, ਆਰ.ਪੀ. ਸਿੰਘ, ਅਵਤਾਰ ਸਿੰਘ ਸੱਗੂ, ਸਤੀਸ਼ ਕੁਮਾਰ ਭਾਗੀ, ਐਡਵੋਕੇਟ ਪਰਮਿੰਦਰ ਸਿੰਘ ਢੀਂਗਰਾ, ਜਗਰੂਪ ਸਿੰਘ ਚੀਮਾ, ਦਲੇਰ ਸਿੰਘ ਡੋਡ, ਪਰਮਜੀਤ ਕੌਰ ਲਾਡਰਾਂ, ਬੀਬੀ ਨਿਰਮਲ ਕੌਰ ਸੇਖੋਂ ਆਦਿ ਨੇ ਵੀ ਖਿਡਾਰੀਆਂ ਨੂੰ ਹੌਸਲਾ ਅਫ਼ਜਾਈ ਕੀਤੀ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11”, B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ ’ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.




## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5’9”, ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5’11’’, B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5”8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ ’ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5’3”. Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5’4” tall, has a bachelor’s degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5’1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4”, ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ ’ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5’-3”, ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5’11’’ ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5’2” ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਚੋਣਾਂ ਦੇ ਸਮਿਆਂ 'ਚ, ਸੱਭੋ ਕੁਝ ਜਾਇਜ਼



-ਗੁਰਮੀਤ ਸਿੰਘ ਪਲਾਹੀ-

ਦੇਸ਼ 'ਚ ਚੋਣਾਂ ਦਾ ਮੌਸਮ ਆ ਢੁੱਕਾ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਨਿੱਤ ਨਵੇਂ ਐਲਾਨ ਹੀ ਨਹੀਂ ਕਰ ਰਹੇ, ਸਗੋਂ ਆਪਣੀ "ਦੋ ਇੰਜਨ" ਸਰਕਾਰ ਵਾਲੇ ਸੂਬਿਆਂ 'ਚ ਜਾਕੇ ਨਵੇਂ ਨਵੇਂ "ਵੱਡ ਅਕਾਰੀ, ਵੱਡ ਕਰੋੜੀ" ਪ੍ਰਾਜੈਕਟਾਂ ਦਾ ਉਦਘਾਟਨ ਕਰ ਰਹੇ ਹਨ ਜਾਂ ਨੀਂਹ ਪੱਥਰ ਰੱਖ ਰਹੇ ਹਨ।

ਅਯੁੱਧਿਆ ਵਿਖੇ ਰਾਮ ਮੰਦਰ 'ਚ ਪ੍ਰਧਾਨ ਮੰਤਰੀ ਵਲੋਂ ਸ੍ਰੀ ਰਾਮ ਪ੍ਰਾਣ ਪ੍ਰਤਿਸ਼ਠਾ ਕਰਵਾਈ ਗਈ ਹੈ। ਦੇਸ਼ ਦੀ ਨਾਰੀ ਨੂੰ ਸਮਰਪਿਤ ਬਜ਼ਟ ਦੇਸ਼ ਦੀ ਪਾਰਲੀਮੈਂਟ 'ਚ ਪੇਸ਼ ਕੀਤਾ ਗਿਆ ਹੈ। "ਦੇਸ਼ ਦੀਆਂ ਨਾਰੀਆਂ ਨੂੰ ਹੁਣ ਪਹਿਲਾਂ ਨਾਲੋਂ ਵੱਧ ਮਾਣ-ਤਾਣ ਮਿਲੇਗਾ। "ਆਯੂਸ਼ਮਾਨ ਭਾਰਤ ਬੀਮਾ ਕਾਰਡ" ਦੀ ਸੁਵਿਧਾ ਤਹਿਤ ਮੁਫ਼ਤ ਇਲਾਜ ਦੇਸ਼ ਦੀਆਂ ਆਸ਼ਾ ਅਤੇ ਆਂਗਨਵਾੜੀ ਵਰਕਰਾਂ (ਜਿਹਨਾ ਨੂੰ ਕੁਝ ਸੈਂਕੜੇ ਮਾਸਿਕ ਤਨਖ਼ਾਹ ਹੀ ਮਿਲਦੀ ਹੈ) ਤੱਕ ਵਧਾ ਦਿੱਤਾ ਗਿਆ ਹੈ। ਰੇਲਵੇ 'ਚ ਸਹੂਲਤਾਂ, ਸਿਹਤ 'ਚ ਸਹੂਲਤਾਂ, ਸਿੱਖਿਆ ਬਜ਼ਟ 'ਚ ਕੁਝ ਵਾਧਾ, ਪਰ ਖੇਤੀਬਾੜੀ ਖੇਤਰ ਦਾ ਬਜ਼ਟ ਘਟਾ ਦਿੱਤਾ ਗਿਆ ਹੈ।

ਦੇਸ਼ ਦੇ ਚੋਣ ਕਮਿਸ਼ਨ 'ਚ ਮੈਂਬਰਾਂ ਦੀਆਂ ਨਿਯੁਕਤੀਆਂ ਦੀ ਪ੍ਰਕਿਰਿਆ ਬਦਲ ਦਿੱਤੀ ਗਈ ਹੈ, ਸਰਕਾਰ ਕੋਲ ਹੁਣ ਇਹਨਾ ਮੈਂਬਰਾਂ ਦੀ ਨਿਯੁਕਤੀ ਦੇ ਵੱਧ ਅਧਿਕਾਰ ਹੋਣਗੇ। ਸਰਕਾਰ ਮੈਂਬਰਾਂ ਦੀ ਨਿਯੁਕਤੀ ਸਮੇਂ ਮਨਮਰਜ਼ੀ ਕਰ ਸਕੇਗੀ। ਦੇਸ਼ ਦੀ ਈ.ਡੀ. ਅਤੇ ਸੀਬੀਆਈ ਹੋਰ ਤੇਜ ਹੋ ਗਈਆਂ ਹਨ। ਦੇਸ਼ ਦੇ ਵਿਰੋਧੀ ਦਲ ਦੇ ਨੇਤਾਵਾਂ ਨੂੰ ਸ਼ਿਕੰਜੇ 'ਚ ਲਿਆ ਜਾ ਰਿਹਾ ਹੈ। ਝਾਰਖੰਡ ਦੇ ਮੁੱਖ ਮੰਤਰੀ ਅਤੇ ਦਿੱਲੀ ਦੇ ਮੁੱਖ ਮੰਤਰੀ ਨੂੰ ਲਗਾਤਾਰ ਸੰਮਨ ਮਿਲ ਰਹੇ ਹਨ। ਝਾਰਖੰਡ ਦੇ ਮੁੱਖ ਮੰਤਰੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਹੁਣ ਨਿਸ਼ਾਨੇ 'ਤੇ ਹਨ। ਹਰ ਕਿਸਮ ਦੇ ਦਾਅ ਪੇਚ ਦੇਸ਼ 'ਚ ਰਾਜ ਸ਼ਕਤੀ ਹਥਿਆਉਣ ਲਈ ਭਾਜਪਾ ਹਕੂਮਤ ਵਰਤ ਰਹੀ ਹੈ। ਚੰਡੀਗੜ੍ਹ ਦੀ ਮੇਅਰ ਚੋਣ ਸਮੇਂ ਕਾਂਗਰਸ, ਆਮ ਆਦਮੀ ਪਾਰਟੀ ਦੇ ਸਾਂਝੇ ਬਹੁਮਤ ਹੋਣ ਦੇ ਬਾਵਜੂਦ, ਭਾਜਪਾ ਦਾ ਮੇਅਰ, ਦੋ ਡਿਪਟੀ ਮੇਅਰ ਚੁਣ ਲਏ ਗਏ ਹਨ।

ਪੂਰੇ ਦੇਸ਼ 'ਚ ਗੋਦੀ ਮੀਡੀਆ ਅਤੇ ਸਰਕਾਰੀ ਮੀਡੀਆ ਹਾਕਮਾਂ ਦੀਆਂ ਦਸ ਸਾਲਾਂ ਦੀਆਂ ਪ੍ਰਾਪਤੀਆਂ ਗਿਣਾਉਣ ਲਈ ਪੱਬਾਂ ਭਾਰ ਹੈ। ਨਿਸ਼ਾਨਾ ਬੱਸ ਇਕੋ ਹੈ, ਦੇਸ਼ ਵਿੱਚ ਸਿਰਫ਼ ਇੱਕ ਪਾਰਟੀ ਰਾਜ ਦੀ ਸਥਾਪਨਾ ਹੋਵੇ। ਵਿਰੋਧੀਆਂ ਦਾ ਖੁਰਾ ਖੋਜ ਮਿਟਾਉਣ ਲਈ ਭਰਪੂਰ ਯਤਨ ਹੋ ਰਹੇ ਹਨ। ਇੱਕ ਰਾਸ਼ਟਰ ,ਇੱਕ ਬੋਲੀ, ਇੱਕ ਚੋਣ! ਬੱਸ ਸਭ ਕੁਝ ਇੱਕੋ ਇੱਕ!

ਚੁੱਪ ਦੇਸ਼ ਦੀ ਵਿਰੋਧੀ ਧਿਰ ਵੀ ਨਹੀਂ ਹੈ। ਗੱਠਜੋੜ ਦੀ ਨੀਤੀ ਅਪਨਾ ਕੇ "ਇੰਡੀਆ" ਸਿਰਜੀ ਗਈ ਹੈ। ਭਾਵੇਂ ਆਪਸੀ ਤਾਲਮੇਲ ਤੇ ਸਹਿਯੋਗ ਦੀ ਘਾਟ ਹੈ। ਫਿਰ ਵੀ ਜਿਥੇ ਜਿਥੇ ਵੀ ਇੰਡੀਆ ਗੱਠਜੋੜ 'ਚ ਸ਼ਾਮਲ ਸਿਆਸੀ ਪਾਰਟੀਆਂ ਦੀਆਂ ਸਰਕਾਰਾਂ ਹਨ, ਉਹਨਾ ਵਲੋਂ ਵੀ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਈਆਂ ਜਾ ਰਹੀਆਂ ਹਨ ਜਾਂ ਆਪਣੀਆਂ ਸਰਕਾਰਾਂ "ਕੇਂਦਰੀ ਹਾਕਮਾਂ" ਤੋਂ ਤੋੜੇ ਜਾਣ ਤੋਂ ਬਚਾਈਆਂ ਜਾ ਰਹੀਆਂ ਹਨ। ਕਾਂਗਰਸ ਦੇ ਰਾਹੁਲ ਗਾਂਧੀ ਭਾਰਤ ਯਾਤਰਾ 'ਤੇ ਨਿਕਲੇ ਹੋਏ ਹਨ।

ਦੱਖਣੀ ਸੂਬਿਆਂ 'ਚ ਚੋਣਾਂ ਲਈ ਮਾਹੌਲ ਉੱਤਰੀ ਭਾਰਤ ਨਾਲੋਂ ਵੱਖਰਾ ਹੈ, ਇਥੇ ਧਰਮ ਪੱਖੀ ਸਿਆ-ਸਤ ਦਾ ਬੋਲ ਬਾਲਾ ਨਹੀਂ ਹੈ। ਵਿਰੋਧੀ ਧਿਰ ਧਰਮ ਨਿਰਪੱਖਤਾ ਅਤੇ ਸੰਵਿਧਾਨਕ ਸੰਕਲਪ ਨੂੰ ਦਰਪੇਸ਼ ਵੰਗਾਰਾਂ ਨੂੰ ਲੋਕਾਂ ਸਾਹਵੇਂ ਪੇਸ਼ ਕਰਨ ਦੇ ਰਉਂ ਵਿੱਚ ਹੈ।

ਚੋਣਾਂ ਦੇ ਇਸ ਮੌਸਮ ਵਿੱਚ ਮੁੱਦਿਆਂ ਦੀ ਸਿਆਸਤ ਵਿੱਖਰੀ ਹੋਈ ਦਿਸਦੀ ਹੈ। ਆਪਣਿਆਂ ਨੂੰ ਰੇੜੀਆਂ ਵੰਡਣ ਅਤੇ ਲੋਕਾਂ ਨੂੰ ਧਰਮ ਦੇ ਨਾਅ ਉਤੇ ਵੰਡਣ ਲਈ ਹਾਕਮ, ਨੇਤਾ, ਤਿੱਖੀਆਂ ਸੁਰਾਂ 'ਚ ਬੋਲ ਅਲਾਪ ਰਹੇ ਹਨ।

ਵੇਖੋ ਕਿਵੇਂ ਪ੍ਰਚਾਇਆ ਜਾ ਰਿਹਾ ਹੈ ਕਿ ਦੇਸ਼ ਦੇ 80 ਕਰੋੜ ਲੋਕਾਂ ਨੂੰ ਸਰਕਾਰ ਅਨਾਜ਼ ਮੁਫ਼ਤ ਦੇ ਰਹੀ ਹੈ (ਜਿਵੇਂ ਕੋਈ ਅਹਿਸਾਨ ਕੀਤਾ ਜਾ ਰਿਹਾ ਹੋਵੇ)। ਮੁਫ਼ਤ ਗੈਸ ਕੁਨੈਕਸ਼ਨ ਵੰਡੇ ਜਾ ਰਹੇ ਹਨ। ਆਯੂਸ਼ਮਾਨ ਭਾਰਤ ਕਾਰਡ ਰਾਹੀਂ ਮੁਫ਼ਤ ਸਿਹਤ ਸਹੂਲਤਾਂ ਹਨ। ਇਹ ਬਿਲਕੁਲ ਵੀ ਭੁਲਿਆ ਜਾ ਰਿਹਾ ਹੈ ਕਿ ਦੇਸ਼ ਦੀ 60 ਫੀਸਦੀ ਆਬਾਦੀ ਜੇਕਰ ਮੁਫ਼ਤ ਸਰਕਾਰੀ ਭੋਜਨ ਲੈਣ ਲਈ ਮਜ਼ਬੂਰ ਹੈ ਤਾਂ ਉਸਦੀ ਆਰਥਿਕ ਹਾਲਾਤ ਕਿਹੋ ਜਿਹੀ ਹੈ? ਆਜ਼ਾਦੀ ਦੇ 75 ਸਾਲ ਬੀਤਣ ਬਾਅਦ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੇਸ਼ ਭਾਰਤ ਦੇ ਵਸਨੀਕਾਂ ਤੋਂ ਜੇਕਰ ਮੁਫ਼ਤ ਦਿੱਤੀਆਂ ਰਿਆਇਤਾਂ ਦੇ ਨਾਅ ਉਤੇ ਹੀ ਵੋਟ ਵਟੋਰਨੀ ਹੈ ਤਾਂ ਇਸ ਤੋਂ ਹੋਰ ਵੱਡਾ, ਲੋਕਤੰਤਰ ਦਾ ਕਿਹੜਾ ਜ਼ਨਾਜਾ ਨਿਕਲ ਸਕਦਾ ਹੈ?

ਚੋਣਾਂ ਦੇ ਇਸ ਮੌਸਮ 'ਚ ਦਰਸਾਉਣ ਦਾ ਇਹ ਵੱਡਾ ਯਤਨ ਹੋ ਰਿਹਾ ਹੈ ਕਿ ਦੇਸ਼ ਦੇ 20 ਤੋਂ 25 ਕਰੋੜ ਭਾਰਤੀ ਪਿਛਲੇ ਪੰਜ ਸਾਲਾਂ 'ਚ ਗਰੀਬੀ ਰੇਖਾ ਤੋਂ ਉਪਰ ਉੱਠ ਗਏ ਹਨ। ਪਰ ਭੁੱਖਮਰੀ 'ਚ ਉਹ ਗੁਆਂਢੀ ਮੁਲਕਾਂ ਇਥੋਂ ਤੱਕ ਕਿ ਬੰਗਲਾ ਦੇਸ਼, ਸ੍ਰੀ ਲੰਕਾ ਤੋਂ ਉਪਰਲਾ ਸਥਾਨ ਕਿਵੇਂ ਰੱਖਦੇ ਹਨ?

ਇੱਕ ਸੁਪਨਮਈ ਦ੍ਰਿਸ਼ ਦੇਸ਼ 'ਚ ਸਿਰਜਿਆ ਜਾ ਰਿਹਾ ਹੈ। ਦੇਸ਼ ਨੂੰ ਦੁਨੀਆ ਦੀ ਆਉਣ ਵਾਲੇ ਸਮੇਂ 'ਚ ਵੱਡੀ ਆਰਥਿਕਤਾ ਦਰਸਾਉਣ ਲਈ ਸਰਕਾਰ ਸਮੇਤ, ਗੋਦੀ ਮੀਡੀਆ ਪੱਬਾਂ ਭਾਰ ਹੈ। ਦੇਸ਼ ਦੇ ਧੰਨ-ਕੁਬੇਰ ਅਡਾਨੀ-ਅੰਬਾਨੀ, ਵੱਡੇ-ਵੱਡੇ ਅਮੀਰ ਐਕਟਰ ਜਿਵੇਂ ਆਯੁਧਿਆ ਸਮਾਗਮ 'ਚ ਸਰਕਾਰ ਦੀ ਪਿੱਠ ਉਤੇ ਵੇਖੇ ਗਏ, ਉਹ "ਨਿੱਜੀਕਰਨ", ਨੂੰ ਪ੍ਰਣਾਏ ਭਾਰਤੀ ਹਾਕਮਾਂ ਨੂੰ ਉਤਸ਼ਾਹਤ ਕਰ ਗਏ। ਇਹ ਸਭ ਕੁਝ ਦਾ ਵਿਸ਼ਾਲ ਚੋਣਾਂ ਦੇ ਸਮਿਆਂ 'ਚ ਦਿਖਾਵਾ, ਕੋਈ ਅਲੋਕਾਰਾ ਵਰਤਾਰਾ ਨਹੀਂ ਹੈ।

ਸਰਕਾਰਾਂ, ਜਦੋਂ ਚਾਹੁੰਦੀਆਂ ਹਨ, ਉਦੋਂ ਉਹ ਮਾਫੀਏ, ਭੂ-ਮਾਫੀਏ, ਕਬਜ਼ਾਧਾਰੀਆਂ, ਗੁੰਡਿਆਂ ਨੂੰ ਸਰਗਰਮ ਕਰ ਲੈਂਦੀਆਂ ਹਨ। ਅਤੇ ਚੋਣਾਂ ਵਾਲਾ ਸਮਾਂ ਇਹਨਾ ਲੋਕਾਂ ਲਈ ਅਤਿ ਉੱਤਮ ਗਿਣਿਆ ਜਾਂਦਾ ਹੈ। ਚੋਣਾਂ 'ਚ ਇਹ ਨੇਤਾਵਾਂ ਦੇ ਹਥਿਆਰ ਗਿਣੇ ਜਾਂਦੇ ਹਨ। ਹਾਕਮ ਧਿਰ ਅਤੇ ਵਿਰੋਧੀ ਧਿਰ ਦਾ ਇਹ ਗਿਹਣਾ ਹਨ, ਜੋ ਕਦੇ ਵੀ ਇਹਨਾ ਤੋਂ ਨਹੀਂ ਨਿਖੜਦਾ ।

ਇੱਕ ਰਿਪੋਰਟ ਭਾਰਤ 'ਚ ਨਜਾਇਜ਼ ਕਬਜ਼ਿਆਂ ਬਾਰੇ ਛਪੀ ਹੈ। ਇਹ ਕਿਸੇ ਬਾਹਰੀ ਏਜੰਸੀ ਵਲੋਂ ਨਹੀਂ ਸਗੋਂ ਕੇਂਦਰ ਸਰਕਾਰ ਵਲੋਂ ਜਾਰੀ ਕੀਤੀ ਗਈ ਹੈ। ਇਸ ਅਨੁਸ-ਾਰ ਦੇਸ਼ ਦੇ ਜੰਗਲ ਵਿਭਾਗ ਦੀ 32 ਲੱਖ 77 ਹਜ਼ਾਰ 591 ਏਕੜ ਜ਼ਮੀਨ ਕਬਜ਼ਾਧਾਰੀਆਂ ਨੇ ਹਥਿਆਈ ਹੋਈ ਹੈ। ਭਾਰਤੀ ਸੈਨਾ ਦੀ 9375 ਏਕੜ ਅਤੇ ਰੇਲਵੇ ਦੀ 2012 ਏਕੜ ਜ਼ਮੀਨ ਉਤੇ ਵੀ ਭੂ-ਮਾਫੀਏ, ਕਬਜ਼ਾਧਾਰੀਆਂ ਨੇ ਕਬਜ਼ਾ ਕੀਤਾ ਹੋਇਆ ਹੈ। ਦੇਸ਼ ਦੀ ਰਾਜਧਾਨੀ ਦਿੱਲੀ ਦੇ 964 ਸਰਕਾਰੀ ਪਾਰਕਾਂ ਦੀ ਲਗਭਗ 70 ਏਕੜ ਜ਼ਮੀਨ ਵੀ ਇਹਨਾ ਲੋਕਾਂ ਦੇ ਕਬਜ਼ੇ ਹੇਠ ਹੈ।

ਇਹ ਜਾਣਦਿਆਂ ਹੋਇਆ ਵੀ ਕਿ ਨਜਾਇਜ਼ ਕਬਜਿਆਂ ਦੀ ਸਮੱਸਿਆ ਬਹੁਤ ਗੰਭੀਰ ਹੈ। ਹਰ ਦਿਨ ਸਰਕਾਰੀ ਜ਼ਮੀਨ ਉਤੇ ਭੂ-ਮਾਫੀਆ ਦਬੰਗ ਲੋਕ, ਘੁਸਪੈਠੀਏ ਕਬਜ਼ਾ ਕਰ ਰਹੇ ਹਨ, ਇਹ ਕਬਜ਼ੇ ਕਰਾਉਣ ਪਿੱਛੇ ਵੱਡੇ ਸਿਆਸਤਦਾਨਾਂ, ਸਿਆਸਤਦਾਨਾਂ ਦੇ ਪਿੱਛਲੱਗਾਂ , ਇਥੇ ਤੱਕ ਕਿ ਸਰਕਾਰੀ ਅਫ਼ਸਰਾਂ ਦਾ ਵੀ ਹੱਥ ਹੋਣਾ ਪਾਇਆ ਜਾਂਦਾ ਹੈ। ਇਹਨਾਂ ਵਿਰੁੱਧ ਸਰਕਾਰਾਂ ਕੁਝ ਨਹੀਂ ਕਰਦੀਆਂ, ਕਿਉਂਕਿ ਉਹ ਜਾਣਦੀਆਂ ਹਨ ਕਿ ਇਹ ਚੋਣਾਂ ਦੇ ਸਮਿਆਂ 'ਚ ਉਸਦੀ ਪੱਕੀ ਵੋਟ ਬੈਂਕ ਹੈ।

ਚੋਣਾਂ ਦੇ ਸਮਿਆਂ 'ਚ ਨੇਤਾਵਾਂ ਦੀ ਦਲਬਦਲੀ ਜਾਇਜ਼ ਗਿਣੀ ਜਾਂਦੀ ਹੈ। ਵਿਧਾਇਕਾਂ ਦੀ ਖਰੀਦੋ-ਫ਼ਰੋਖ਼ਤ ਉਤੇ ਵੀ ਕੋਈ ਪ੍ਰਸ਼ਨ ਚਿੰਨ ਨਹੀਂ ਉੱਠਦਾ। ਮੌਜੂਦਾ ਉਦਾਹਰਨ ਬਿਹਾਰ ਦੀ ਹੈ। ਨੌਵੀਂ ਵੇਰ ਮੁੱਖ ਮੰਤਰੀ ਬਣਿਆ ਬਿਹਾਰੀ ਨੇਤਾ ਨਤੀਸ਼ ਕੁਮਾਰ, ਅਨੈਤਿਕਤਾ ਦੀਆਂ ਹੱਦਾਂ ਪਾਰ ਕਰਦਾ, ਕਦੇ ਭਾਜਪਾ ਅਤੇ ਕਦੇ ਵਿਰੋਧੀ ਧਿਰ ਨਾਲ ਖੜਕੇ ਮੁੱਖ ਮੰਤਰੀ ਦੀ ਕੁਰਸੀ ਚੜ੍ਹਦਾ ਵੇਖਿਆ ਜਾਂਦਾ ਹੈ। ਆਇਆ ਰਾਮ, ਗਿਆ ਰਾਮ ਦੀ ਇਸਤੋਂ ਵੱਡੀ ਹੋਰ ਜਿਹੜੀ ਤਸਵੀਰ ਹੋ ਸਕਦੀ ਹੈ ਉਸ ਤੋਂ ਬਿਨ੍ਹਾਂ?

ਉਂਜ ਕੇਂਦਰ 'ਚ ਰਾਜ ਕਰਦੇ ਹਾਕਮਾਂ ਜਦੋਂ ਦਾਅ ਲਗਦਾ ਹੈ, ਵਿਰੋਧੀਆਂ ਨੂੰ ਮਾਤ ਪਾਉਣ ਲਈ ਇਹ ਖੇਡ ਖੇਡਦੇ ਹਨ, ਜਿਹੜਾ "ਦਲ ਬਦਲੀ ਕਾਨੂੰਨ" ਨੂੰ ਵੀ ਛਿੱਕੇ ਟੰਗ ਦਿੰਦਾ ਹੈ। ਉਂਜ ਸਮਝਣ ਵਾਲੀ ਗੱਲ ਤਾਂ ਇਹ ਵੀ ਹੈ ਕਿ ਗਿਰਗਟ ਵਾਂਗਰ ਰੰਗ ਬਦਲਣ ਵਾਲੇ ਨੇਤਾ ਜਦੋਂ ਲੋਕ ਕਚਿਹਰੀ 'ਚ ਜਾਂਦੇ ਹਨ ਤਾਂ ਫਿਰ ਵੀ ਉਹ ਮੁੜ "ਸਾਮ, ਦਾਮ, ਦੰਡ' ਦੀ ਸਿਆਸਤ ਕਰਦਿਆਂ ਮੁੜ ਚੋਣਾਂ ਜਿੱਤ ਜਾਂਦੇ ਹਨ।

ਚੋਣਾਂ ਦੇ ਸਮਿਆਂ 'ਚ ਕਰੋੜ ਪਤੀਆਂ, ਬਹੁ ਬਲੀਆਂ, ਦੀ ਤਾਂ ਜਿਵੇਂ ਚਾਂਦੀ ਹੋ ਜਾਂਦੀ ਹੈ, ਉਹ ਆਪਣੀ ਤਾਕਤ ਦੀ ਵਰਤੋਂ ਕਰਦਿਆਂ ਦੇਸ਼ ਦੇ ਪਵਿੱਤਰ ਸਦਨ "ਲੋਕ ਸਭਾ" ਦੀ ਦਹਿਲੀਜ਼ ਟੱਪਦੇ ਹਨ, ਸਤਿਕਾਰਯੋਗ ਬਣਦੇ ਹਨ, ਤੇ ਦੇਸ਼ ਦੇ ਲੋਕਾਂ ਉਤੇ ਉਸੇ ਬਹੁ-ਬਲ ਨਾਲ ਰਾਜ ਕਰਦੇ ਹਨ।

ਇਸ ਸਮੇਂ ਦੇਸ਼ ਦੀ ਲੋਕ ਸਭਾ ਅਤੇ ਰਾਜ ਸਭਾ 'ਚ ਬੈਠੇ ਸਤਿਕਾਰਯੋਗ ਮੈਂਬਰਾਨ ਜਾਣੀ ਮੈਂਬਰ ਪਾਰਲੀਮੈਂਟ ਦੀ ਪੜਚੋਲ ਕਰਨੀ ਤਾਂ ਬਣਦੀ ਹੀ ਹੈ। ਏ ਡੀ ਆਰ ਦੀ ਰਿਪੋਰਟ ਕਹਿੰਦੀ ਹੈ ਕਿ ਦੇਸ਼ ਦੀ ਪਾਰਲੀਮੈਂਟ ਦੇ ਕੁਲ 763 ਮੈਂਬਰਾਂ ਵਿਚੋਂ 306 ਉਤੇ ਅਪਰਾਧਿਕ ਕੇਸ ਹਨ, ਜਿਹਨਾ ਵਿਚੋਂ 25 ਫੀਸਦੀ ਉਤੇ ਗੰਭੀਰ ਕੇਸ ਹਨ, ਜਿਹਨਾ 'ਚ ਕਤਲ, ਔਰਤਾਂ ਨਾਲ ਬਲਾਤਕਾਰ ਦੇ ਕੇਸ ਹਨ। ਇਹਨਾ ਵਿੱਚ 139 ਭਾਜਪਾ ਦੇ ਅਤੇ 49 ਕਾਂਗਰਸ ਦੇ ਐਮ.ਪੀ. ਹਨ। ਹੈਰਾਨੀ ਤਾਂ ਹੋਣੀ ਹੀ ਨਹੀਂ ਚਾਹੀਦੀ ਕਿ ਇਹਨਾ ਵਿਚੋਂ 7 ਫ਼ੀਸਦੀ ਅਰਬਪਤੀ ਹਨ। ਇਸਤੋਂ ਵੀ ਅਗਲੀ ਗੱਲ ਇਹ ਕਿ 17ਵੀਂ ਲੋਕ ਸਭਾ ਦੇ ਜੋ 539 ਮੈਂਬਰ ਚੁਣੇ ਗਏ ਸਨ। ਉਹਨਾ ਵਿਚੋਂ ਇਸ ਰਿਪੋਰਟ ਅਨੁਸ-ਾਰ 475 ਕਰੋੜਪਤੀ ਹਨ, ਜਿਹਨਾ ਵਿੱਚ ਭਾਜਪਾ ਦੇ 303 ਅਤੇ ਕਾਂਗਰਸ ਦੇ 52 ਕਰੋੜਪਤੀ ਮੈਂਬਰ ਹਨ।

ਦੇਸ਼ ਇਸ ਵੇਲੇ ਬੇਰੁਜ਼ਗਾਰੀ ਝੱਲ ਰਿਹਾ ਹੈ ।ਦੇਸ਼ 'ਚ ਬੇਰੁਜ਼ਗਾਰੀ ਦਰ 7.95 ਹੈ। ਦੇਸ਼ ਭੁੱਖਮਰੀ ਦਾ ਸ਼ਿਕਾਰ ਹੈ। ਕੁਲ 125 ਦੇਸ਼ਾਂ ਵਿੱਚ ਭੁੱਖਮਰੀ 'ਚ ਭਾਰਤ ਦਾ ਸਥਾਨ 111ਵਾਂ ਹੈ। ਦੇਸ਼ 'ਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੈ। ਅੰਤਰਰਾਸ਼ਟਰੀ ਪੱਧਰ 'ਤੇ ਇਸਦਾ ਸਥਾਨ 85ਵਾਂ ਹੈ। ਦੇਸ਼ ਮਨੁੱਖੀ ਅਧਿਕਾਰਾਂ ਦੇ ਮਾਮਲੇ 'ਚ ਅੰਤਰਰਾਸ਼ਟਰੀ ਦ੍ਰਿਸ਼ 'ਚ ਬਦਨਾਮੀ ਖੱਟ ਚੁੱਕਾ ਹੈ। ਦੇਸ਼ ਬੁਰੀ ਤਰ੍ਹਾਂ ਕਰਜ਼ਾਈ ਹੈ। ਇਸ ਸਿਰ 205 ਲੱਖ ਕਰੋੜ ਕਰਜ਼ਾ ਹੈ।

ਚੋਣ ਵੇਲਿਆਂ 'ਚ ਬੇਰੁਜ਼ਗਾਰੀ, ਭੁੱਖਮਰੀ, ਮਹਿੰਗਾਈ, ਭ੍ਰਿਸ਼ਟਾਚਾਰ, ਸਿਹਤ, ਸਿੱਖਿਆ, ਵਾਤਾਵਰਨ, ਮੁੱਖ ਮੁੱਦੇ ਹੋਣੇ ਚਾਹੀਦੇ ਹਨ। ਲੋਕਾਂ ਕੋਲ ਰੋਟੀ, ਕੱਪੜਾ, ਮਕਾਨ ਹੈ ਜਾਂ ਨਹੀਂ, ਇਹ ਮੁੱਦਾ ਗੰਭੀਰ ਹੈ।

ਮੁੱਦੇ ਤਾਂ ਇਹ ਵੀ ਚੁਕਣੇ ਬਣਦੇ ਹਨ ਕਿ ਕੀ ਧਰਮ ਦੇ ਨਾਂਅ ਉਤੇ ਸਿਆਸਤ ਜਾਇਜ਼ ਹੈ? ਕੀ ਦੇਸ਼ ਵਿੱਚ ਸੰਘੀ ਢਾਂਚੇ ਦੀ ਸੰਘੀ ਘੁੱਟਕੇ ਲੋਕਤੰਤਰ ਦਾ ਘਾਣ ਨਹੀਂ ਕੀਤਾ ਜਾ ਰਿਹਾ? ਕੀ ਵਿਰੋਧੀ ਧਿਰ ਦੀਆਂ ਸਰਕਾਰਾਂ ਤੋੜਨ ਲਈ ਦਲ ਬਦਲੀ ਨੂੰ ਉਤਸ਼ਾਹਤ ਕੀਤਾ ਜਾਣਾ ਚਾਹੀਦਾ ਹੈ? ਕੀ ਦੇਸ਼ ਵਿੱਚ ਘੱਟ ਗਿਣਤੀਆਂ ਨੂੰ ਬੇਖੌਫ ਹੋ ਕੇ ਜੀਊਣ ਦਾ ਹੱਕ ਖੋਹਿਆ ਜਾਣਾ ਠੀਕ ਹੈ? ਕੀ ਦੇਸ਼ 'ਚ ਇੱਕ ਦੇਸ਼, ਇੱਕ ਕੌਮ, ਇੱਕ ਬੋਲੀ, ਇੱਕ ਚੋਣ ਦੀ ਰਾਜਨੀਤੀ ਨੂੰ ਲਾਗੂ ਕਰਨਾ ਡਿਕ-ਟੇਟਰਾਨਾ ਸੋਚ ਵੱਲ ਦੇਸ਼ ਨੂੰ ਵਧਾਉਣਾ ਨਹੀਂ? ਜੋ ਸਾਡੇ ਅਨੁਸ-ਾਰ ਨਹੀਂ ਸੋਚਦਾ, ਜੋ ਸਾਡੇ ਅਨੁਸ-ਾਰ ਨਹੀਂ ਬੋਲਦਾ, ਉਸ ਓਤੇ ਦੇਸ਼ ਧ੍ਰੋਹੀ ਦਾ ਫੱਟਾ ਲਾਉਣਾ ਕੀ ਦੇਸ਼ ਦਾ ਜਮਹੂਰੀ ਖਾਸਾ ਬਦਲਣਾ ਨਹੀਂ?

ਬਿਨ੍ਹਾਂ ਸ਼ੱਕ ਦੇਸ਼ ਦੀਆਂ ਵਿਰੋਧੀ ਸਿਆਸੀ ਪਾਰਟੀਆਂ ਇਹਨਾ ਮੁੱਦਿਆਂ ਸਬੰਧੀ ਚੋਣ ਮੈਨੀਫੈਸਟੋ ਜਾਰੀ ਕਰਨਗੀਆਂ। ਸਰਕਾਰ ਆਪਣੀਆਂ ਪ੍ਰਾਪਤੀਆਂ ਨੂੰ ਗਿਣਾਏਗੀ। ਆਪਣੇ ਵਿਰੋਧੀ ਭ੍ਰਿਸ਼ਟ ਨੇਤਾਵਾਂ, ਪਰਿਵਾਰਵਾਦ ਦੇ ਚਿੱਠੇ ਫਰੋਲੇਗੀ। ਪਰ ਉਹ ਆਪਣੇ ਭ੍ਰਿਸ਼ਟ ਨੇਤਾਵਾਂ ਜਾਂ ਆਪਣੀ ਪਾਰਟੀ 'ਚ ਚੋਣਾਂ ਵੇਲੇ ਸ਼ਾਮਲ ਲੋਕਾਂ ਦਾ ਨੰਗ ਢੱਕ ਲਵੇਗੀ। ਵਿਰੋਧੀ ਧਿਰਾਂ ਵੀ ਸਰਕਾਰ ਦੇ ਪਾਜ ਖੋਹਲਣ ਲਈ ਯਤਨਸ਼ੀਲ ਹੋਣਗੀਆਂ। ਪਰ ਕੀ ਉਹ ਆਮ ਲੋਕਾਂ ਦੀਆਂ ਮੁੱਖ ਲੋੜਾਂ ਅਤੇ ਲੋਕਾਂ ਦੀ ਅਸਲ ਸਥਿਤੀ, ਆਪਣੇ ਲੋਕਾਂ ਦੀ ਕਚਿਹਰੀ 'ਚ ਪੇਸ਼ ਕਰਨ ਲਈ ਕਾਮਯਾਬ ਹੋ ਸਕਣਗੀਆਂ?

ਆਉਣ ਵਾਲੀ ਤਿਮਾਹੀ ਦੇਸ਼ ਲਈ ਅਹਿਮ ਹੈ। ਆਮ ਲੋਕਾਂ ਨੂੰ ਉਹਨਾ "ਪ੍ਰਮੁੱਖ ਲੋਕਾਂ" ਦੇ ਧੱਕੇ ਧੌਂਸ, ਰੌਲੇ, ਰੱਪੇ ਨੂੰ ਸੁਣਨਾ ਪਵੇਗਾ, ਜਿਹਨਾ ਨੂੰ ਉਹ ਕਈ ਹਾਲਤਾਂ 'ਚ ਮਨੋਂ ਪਸੰਦ ਨਹੀਂ ਕਰਦੇ। ਅਸਲ 'ਚ ਲੋਕਾਂ ਲਈ, ਇਹ ਨੇਤਾ ਉਹਨਾ ਦੀ ਮਜ਼ਬੂਰੀ ਬਣ ਚੁੱਕੇ ਹਨ, ਕਿਉਂਕਿ ਇਹਨਾ ਨੇਤਾਵਾਂ ਨੇ ਲੋਕਾਂ ਨੂੰ ਕੁਝ ਹੱਦ ਤੱਕ ਇੰਨਾ ਬੇਵੱਸ ਕਰ ਦਿੱਤਾ ਹੋਇਆ ਹੈ ਕਿ ਉਹ ਬੋਲਦੇ ਹੀ ਨਹੀਂ ਹਨ, ਧੱਕਾ ਸਹੀ ਜਾਂਦੇ ਹਨ ਅਤੇ ਸਿਰਫ ਉਹਨਾ ਦੀ ਵੋਟ ਬੈਂਕ ਬਣਕੇ ਰਹਿ ਗਏ ਹਨ ਜਾਂ ਉਹਨਾ ਵਲੋਂ ਮਧੁਰ ਧਰਮੀ ਬਾਣੀ 'ਚ ਕੀਲੇ ਕਿਸੇ ਸਾਰਥਕ ਸੋਚ ਤੋਂ ਸੱਖਣੇ, ਰੋਟੀ, ਪਾਣੀ ਦਾ ਆਹਾਰ ਕਰਨ ਤੱਕ ਸੀਮਤ ਕਰ ਦਿੱਤੇ ਗਏ ਹਨ।

ਲੋਕਾਂ ਦੀ ਸਾਣ 'ਤੇ ਲੱਗੀ ਸੋਚ, ਇਸ ਸੋਚ ਨੂੰ ਕਦੇ ਖ਼ਤਮ ਕਰਨ ਦੇ ਸਮਰੱਥ ਹੋਏਗੀ ਕਿ ਚੋਣ ਦੇ ਸਮਿਆਂ 'ਚ ਸੱਭੋ ਕੁਝ ਜਾਇਜ਼ ਹੈ ਜਾਂ ਨਹੀਂ। ਇਹ ਤਾਂ ਆਉਣ ਵਾਲੀਆਂ ਚੋਣਾਂ ਦੱਸਣਗੀਆਂ ਜਾਂ ਫਿਰ ਭਵਿੱਖ!








# 2024 ਦੀਆਂ ਬੋਰਡ ਪ੍ਰੀਖਿਆਵਾਂ ਵਿੱਚ ਆਮ ਗਲਤੀਆਂ ਤੋਂ ਕਿਵੇਂ ਬਚਿਆ ਜਾਵੇ

-ਵਿਜੈ ਗਰਗ-

ਸੈਸ਼ਨ 2024 ਲਈ ਬੋਰਡ ਇਮਤਿਹਾਨ ਦੇਣ ਵਾਲੇ ਵਿਦਿਆਰਥੀਆਂ ਨੂੰ ਇਨ੍ਹਾਂ ਗੱਲਾਂ ਦਾ ਧਿਆਨ ਰੱਖਣਾ ਚਾਹੀਦਾ ਹੈ ਤਾਂ ਜੋ ਉਹ ਆਪਣੀ ਪ੍ਰੀਖਿਆ ਵਿੱਚ ਇਹ ਗਲਤੀਆਂ ਨਾ ਕਰਨ ਅਤੇ ਵਧੀਆ ਅੰਕ ਹਾਸਲ ਕਰਨ। 1- ਪ੍ਰੀਖਿਆ ਕੇਂਦਰ 'ਤੇ ਸਮੇਂ ਸਿਰ ਨਾ ਪਹੁੰਚਣਾ ਬੋਰਡ ਇਮਤਿਹਾਨ ਵਿਦਿਆਰਥੀ ਦਾ ਆਪਣੇ ਭਵਿੱਖ ਵੱਲ ਪਹਿਲਾ ਕਦਮ ਹੁੰਦਾ ਹੈ ਜਾਂ ਅਸੀਂ 12ਵੀਂ ਤੋਂ ਬਾਅਦ ਦਾ ਕੈਰੀਅਰ ਕਹਿ ਸਕਦੇ ਹਾਂ, ਜਦੋਂ ਕਿ ਪ੍ਰੀਖਿਆ ਕੇਂਦਰ ਵਿੱਚ ਸਮੇਂ ਸਿਰ ਨਾ ਪਹੁੰਚਣਾ ਵਿਦਿਆਰਥੀ ਲਈ ਮੁਸੀਬਤ ਦਾ ਕਾਰਨ ਬਣ ਸਕਦਾ ਹੈ ਕਿਉਂਕਿ ਉਨ੍ਹਾਂ ਨੂੰ ਪ੍ਰੀਖਿਆ ਕੇਂਦਰ ਵਿੱਚ ਦਾਖਲ ਨਹੀਂ ਹੋਣ ਦਿੱਤਾ ਜਾਂਦਾ ਹੈ। ਬੋਰਡ ਪ੍ਰੀਖਿਆ 2024 ਲਈ ਨਿਰਵਿਘਨ ਤਸਦੀਕ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ, ਵਿਦਿਆਰਥੀਆਂ ਨੂੰ ਪ੍ਰੀਖਿਆ ਦੇ ਨਿਰਧਾਰਤ ਸਮੇਂ ਤੋਂ ਘੱਟੋ-ਘੱਟ 15 ਮਿੰਟ ਪਹਿਲਾਂ ਪ੍ਰੀਖਿਆ ਕੇਂਦਰ 'ਤੇ ਪਹੁੰਚਣਾ ਚਾਹੀਦਾ ਹੈ। 2- ਕੁਝ ਵਿਸ਼ਿਆਂ/ਵਿਸ਼ਿਆਂ ਨੂੰ ਨਜ਼ਰਅੰਦਾਜ਼ ਕਰਨਾ ਵਿਦਿਆਰਥੀਆਂ ਦੁਆਰਾ ਕੀਤੀ ਗਈ ਇੱਕ ਹੋਰ ਗਲਤੀ ਵੱਖ-ਵੱਖ ਵਿਸ਼ਿਆਂ ਵਿੱਚੋਂ ਕੁਝ ਵਿਸ਼ਿਆਂ ਨੂੰ ਨਜ਼ਰਅੰਦਾਜ਼ ਕਰਨਾ ਹੈ। ਦੱਸਣਯੋਗ ਹੈ ਕਿ ਬੋਰਡ ਪ੍ਰੀਖਿਆ 2024 ਵਿੱਚ ਹਰ ਵਿਸ਼ੇ ਅਤੇ ਹਰ ਚੈਪਟਰ ਦਾ ਭਾਰ ਹੈ, ਇਸ ਲਈ ਕਿਸੇ ਵਿਸ਼ੇ ਜਾਂ ਚੈਪਟਰ ਨੂੰ ਛੱਡਣਾ ਵਿਦਿਆਰਥੀਆਂ ਲਈ ਲਾਹੇਵੰਦ ਨਹੀਂ ਹੋਵੇਗਾ। ਕਿਸੇ ਖਾਸ ਵਿਸ਼ੇ ਨੂੰ ਨਜ਼ਰਅੰਦਾਜ਼ ਕਰਨ ਨਾਲ ਉਨ੍ਹਾਂ ਦੇ ਬੋਰਡ ਪ੍ਰੀਖਿਆ ਦੇ ਸਕੋਰ ਅਤੇ ਪ੍ਰਤੀਸ਼ਤਤਾਵਾਂ 'ਤੇ ਮਹੱਤਵਪੂਰਨ ਅਸਰ ਪੈ ਸਕਦਾ ਹੈ। ਇਸ ਲਈ ਉਮੀਦਵਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੀ 2024 ਦੀ ਬੋਰਡ ਪ੍ਰੀਖਿਆ ਵਿੱਚ ਵਧੀਆ ਅੰਕ ਹਾਸਲ ਕਰਨ ਲਈ ਹਰੇਕ ਵਿਸ਼ੇ ਵਿੱਚੋਂ ਹਰ ਵਿਸ਼ੇ ਦਾ ਅਧਿਐਨ ਕਰਨ। 3- 1 ਅਧਿਐਨ ਸਮੱਗਰੀ 'ਤੇ ਭਰੋਸਾ ਕਰਨਾ ਕਈ ਵਾਰ ਉਮੀਦਵਾਰ ਸੋਚਦੇ ਹਨ ਕਿ ਸਿਰਫ 1 ਸਰੋਤ ਤੋਂ ਅਧਿਐਨ ਕਰਨਾ ਉਨ੍ਹਾਂ ਲਈ ਚੰਗਾ ਅਤੇ ਲਾਭਕਾਰੀ ਹੈ ਪਰ ਇਹ ਸੱਚ ਨਹੀਂ ਹੈ। ਵਿਦਿਆਰਥੀਆਂ ਨੂੰ 2024 ਵਿੱਚ ਬੋਰਡ ਇਮਤਿਹਾਨ ਦੀ ਤਿਆਰੀ ਕਰਦੇ ਸਮੇਂ ਕਈ ਤਰ੍ਹਾਂ ਦੇ ਅਧਿਐਨ ਸਮੱਗਰੀ ਜਿਵੇਂ ਕਿ ਔਨਲਾਈਨ ਜਾਂ ਔਫਲਾਈਨ ਦੀ ਪੜਚੋਲ ਕਰਨੀ ਚਾਹੀਦੀ ਹੈ। ਹਰ ਸਰੋਤ ਜਿਵੇਂ ਕਿ ਕਿਤਾਬਾਂ, ਪ੍ਰਸ਼ਨਾਵਲੀ, ਪ੍ਰੀਖਿਆ ਵਿਚਾਰ, ਅਤੇ ਨਮੂਨਾ ਪੇਪਰ ਕਿਤਾਬਾਂ ਇੱਕ ਵਿਲੱਖਣ ਦ੍ਰਿਸ਼ਟੀਕੋਣ ਅਤੇ ਗਿਆਨ ਦੀ ਡੂੰਘਾਈ ਦੀ ਪੇਸ਼ਕਸ਼ ਕਰਦੀਆਂ ਹਨ। ਇਸ ਲਈ ਇੱਕ ਉਮੀਦਵਾਰ ਨੂੰ 1 ਤੋਂ ਵੱਧ ਸਰੋਤਾਂ ਤੋਂ ਅਧਿਐਨ ਕਰਨਾ ਚਾਹੀਦਾ ਹੈ ਅਤੇ ਤੁਹਾਨੂੰ ਦੀਆਂ ਕਿਤਾਬਾਂ ਤੋਂ ਚੰਗੀ ਤਰ੍ਹਾਂ ਸੋਧਣਾ ਚਾਹੀਦਾ ਹੈ। 4- ਸ਼ਬਦ ਸੀਮਾ ਦੇ ਅਨੁਸਾਰ ਜਵਾਬ ਨਹੀਂ ਦੇਣਾ ਕਈ ਵਾਰ ਉਮੀਦਵਾਰ ਸੋਚਦੇ ਹਨ ਕਿ ਉਹਨਾਂ ਨੇ ਕਿਸੇ ਖਾਸ ਸਵਾਲ ਲਈ ਜੋ ਜਵਾਬ ਲਿਖਿਆ ਹੈ ਉਹ ਉਹਨਾਂ ਦੇ ਨੁਕਤਿਆਂ ਨੂੰ ਜਾਇਜ਼ ਠਹਿਰਾਉਣ ਲਈ ਕਾਫ਼ੀ ਹੈ ਪਰ ਕਈ ਵਾਰ ਇਹ ਕਾਫ਼ੀ ਨਹੀਂ ਹੁੰਦਾ। ਵਿਦਿਆਰਥੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਜਵਾਬ ਅਥਾਰਟੀ ਦੁਆਰਾ ਦਿੱਤੀ ਗਈ ਸ਼ਬਦ ਸੀਮਾ ਦੇ ਅਨੁਸਾਰ ਸੀਮਤ ਕਰਨ ਅਤੇ ਅਗਲੇ ਪ੍ਰਸ਼ਨ 'ਤੇ ਜਾਣ ਤੋਂ ਪਹਿਲਾਂ ਸੋਧ ਕਰਨ। ਵਿਦਿਆਰਥੀਆਂ ਨੂੰ ਜਾਣਕਾਰੀ ਨੂੰ ਓਵਰਰਾਈਟ ਨਹੀਂ ਕਰਨਾ ਚਾਹੀਦਾ ਅਤੇ ਬੋਰਡ ਪ੍ਰੀਖਿਆ 2024 ਵਿੱਚ ਲੋੜ ਤੋਂ ਘੱਟ ਲਿਖਣ ਤੋਂ ਵੀ ਬਚਣਾ ਚਾਹੀਦਾ ਹੈ। 5- ਸਮਾਂ ਪ੍ਰਬੰਧਨ ਦੀ ਘਾਟ ਸਮਾਂ ਪ੍ਰਬੰਧਨ ਦੀ ਘਾਟ ਉਦੋਂ ਵਾਪਰਦੀ ਹੈ ਜਦੋਂ ਕੋਈ ਉਮੀਦਵਾਰ ਪ੍ਰਸ਼ਨ ਹੱਲ ਕਰਨ ਲਈ ਵਾਧੂ ਸਮਾਂ ਦਿੰਦਾ ਹੈ। ਜਿਵੇਂ ਕਿ ਸਾਰੇ ਵਿਦਿਆਰਥੀ ਜਾਣਦੇ ਹਨ ਕਿ ਬੋਰਡ ਪ੍ਰੀਖਿਆ 2024 ਦੀ ਮਿਆਦ 3 ਘੰਟੇ ਹੁੰਦੀ ਹੈ ਅਤੇ ਹਰੇਕ ਪ੍ਰਸ਼ਨ ਨੂੰ ਹੱਲ ਕਰਨ ਲਈ ਇੱਕ ਖਾਸ ਸਮਾਂ ਲੱਗਦਾ ਹੈ। ਅਜਿਹੀਆਂ ਸਥਿਤੀਆਂ ਵਿੱਚ, ਜਦੋਂ ਵਿਦਿਆਰਥੀਆਂ ਕੋਲ ਇੱਕ ਪ੍ਰਸ਼ਨ ਹੱਲ ਕਰਨ ਲਈ ਸੀਮਤ ਸਮਾਂ ਹੁੰਦਾ ਹੈ, ਤਾਂ ਇੱਕ ਪ੍ਰਸ਼ਨ ਲਈ ਵਾਧੂ ਸਮਾਂ ਦੇਣਾ ਨੁਕਸਾਨ ਵਿੱਚ ਬਦਲ ਜਾਵੇਗਾ। 6- ਪ੍ਰੀਖਿਆ ਵਿੱਚ ਪ੍ਰਸ਼ਨ ਛੱਡਣਾ ਜਦੋਂ ਬੋਰਡ ਇਮਤਿਹਾਨਾਂ ਦੀ ਗੱਲ ਆਉਂਦੀ ਹੈ, ਤਾਂ ਇੱਕ ਸਵਾਲ ਦਾ ਜਵਾਬ ਨਾ ਦਿੱਤੇ ਜਾਣ ਨਾਲ ਤੁਹਾਡੇ ਸਮੁੱਚੇ ਸਕੋਰ 'ਤੇ ਮਾੜਾ ਪ੍ਰਭਾਵ ਪੈ ਸਕਦਾ ਹੈ। ਹਰ ਸਵਾਲ ਦੀ ਕੋਸ਼ਿਸ਼ ਕਰਨਾ ਬਿਹਤਰ ਹੈ, ਭਾਵੇਂ ਤੁਸੀਂ ਜਵਾਬ ਬਾਰੇ ਪੂਰੀ ਤਰ੍ਹਾਂ ਯਕੀਨੀ ਨਾ ਹੋਵੋ। ਇਹ ਗੱਲ ਧਿਆਨ ਵਿੱਚ ਰੱਖੋ ਕਿ ਪ੍ਰੀਖਿਆਵਾਂ ਤੁਹਾਨੂੰ ਚੁਣੌਤੀ ਦੇਣ ਲਈ ਤਿਆਰ ਕੀਤੀਆਂ ਗਈਆਂ ਹਨ, ਅਤੇ ਅਜਿਹੇ ਸਵਾਲਾਂ ਦਾ ਸਾਹਮਣਾ ਕਰਨਾ ਆਮ ਗੱਲ ਹੈ ਜਿਨ੍ਹਾਂ ਦੇ ਜਵਾਬ ਸ਼ਾਇਦ ਤੁਹਾਨੂੰ ਨਾ ਪਤਾ ਹੋਣ। ਜੇ ਤੁਸੀਂ ਆਪਣੇ ਆਪ ਨੂੰ ਕਿਸੇ ਸਵਾਲ ਨਾਲ ਸੰਘਰਸ਼ ਕਰਦੇ ਹੋਏ ਪਾਉਂਦੇ ਹੋ, ਤਾਂ ਸਵਾਲ ਨੂੰ ਛੋਟੇ ਹਿੱਸਿਆਂ ਵਿੱਚ ਵੰਡਣ ਦੀ ਕੋਸ਼ਿਸ਼ ਕਰੋ ਅਤੇ ਦੇਖੋ ਕਿ ਕੀ ਤੁਸੀਂ ਉਹਨਾਂ ਵਿੱਚੋਂ ਕਿਸੇ ਦਾ ਜਵਾਬ ਦੇ ਸਕਦੇ ਹੋ। 7- ਸਿਹਤ ਅਤੇ ਤੰਦਰੁਸਤੀ ਨੂੰ ਨਜ਼ਰਅੰਦਾਜ਼ ਕਰਨਾ ਬੋਰਡ ਇਮਤਿਹਾਨ ਦੀ ਤਿਆਰੀ ਕਰਦੇ ਸਮੇਂ, ਵਿਦਿਆਰਥੀ ਆਪਣੀ ਸਿਹਤ, ਸਹੀ ਭੋਜਨ ਅਤੇ ਆਪਣੇ ਸੌਣ ਦੇ ਕਾਰਜਕ੍ਰਮ ਨੂੰ ਨਜ਼ਰਅੰਦਾਜ਼ ਕਰਨਾ ਸ਼ੁਰੂ ਕਰ ਦਿੰਦੇ ਹਨ। ਇਸ ਨਾਲ ਸਿਹਤ ਦੀਆਂ ਸਮੱਸਿਆਵਾਂ ਅਤੇ ਤਿਆਰੀ ਦੌਰਾਨ ਇਕਾਗਰਤਾ ਦੀ ਕਮੀ ਹੋ ਸਕਦੀ ਹੈ। ਵਿਦਿਆਰਥੀਆਂ ਨੂੰ ਆਪਣੇ ਸਰੀਰ ਨੂੰ ਤੰਦਰੁਸਤ ਅਤੇ ਤੰਦਰੁਸਤ ਰੱਖਣ ਲਈ ਸਹੀ ਨੀਂਦ ਅਤੇ ਨਿਯਮਤ ਕਸਰਤ ਦੇ ਨਾਲ-ਨਾਲ ਸਿਹਤਮੰਦ ਅਤੇ ਸੰਤੁਲਿਤ ਖੁਰਾਕ ਲੈਣੀ ਚਾਹੀਦੀ ਹੈ। ਇੱਕ ਸਿਹਤਮੰਦ ਸਰੀਰ ਅਤੇ ਤੰਦਰੁਸਤ ਮਨ ਵਿਦਿਆਰਥੀ ਦੀ ਯਾਦ ਸ਼ਕਤੀ, ਇਕਾਗਰਤਾ ਨੂੰ ਵਧਾ ਸਕਦਾ ਹੈ,ਅਤੇ ਪ੍ਰਦਰਸ਼ਨ. ਜੋ ਵਿਦਿਆਰਥੀ 2024 ਦੀਆਂ ਬੋਰਡ ਪ੍ਰੀਖਿਆਵਾਂ ਲਈ ਹਾਜ਼ਰ ਹੋ ਰਹੇ ਹਨ, ਉਹ ਇਹ ਗੱਲ ਧਿਆਨ ਵਿੱਚ ਰੱਖ ਸਕਦੇ ਹਨ ਕਿ ਵਿਦਿਆਰਥੀਆਂ ਵਿੱਚ ਤਣਾਅ ਇੱਕ ਪ੍ਰਮੁੱਖ ਨਕਾਰ-ਾਤਮਕ ਕਾਰਕ ਹੈ ਜੋ ਉਹਨਾਂ ਨੂੰ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਵਧੀਆ ਅੰਕ ਪ੍ਰਾਪਤ ਕਰਨ ਤੋਂ ਰੋਕਦਾ ਹੈ। ਜੇਕਰ ਤੁਹਾਡੇ ਕੋਲ ਬੋਰਡ ਪ੍ਰੀਖਿਆ 2024 ਸੰਬੰਧੀ ਕੋਈ ਸਵਾਲ ਹਨ, ਤਾਂ ਹੇਠਾਂ ਟਿੱਪਣੀ ਭਾਗ ਵਿੱਚ ਪੁੱਛਣ ਲਈ ਬੇਝਿਜਕ ਮਹਿਸੂਸ ਕਰੋ। ਅਸੀਂ ਤੁਹਾਨੂੰ ਜਿੰਨੀ ਜਲਦੀ ਹੋ ਸਕੇ ਜਵਾਬ ਦੇਵਾਂਗੇ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਵਿਦਿਅਕ ਕਾਲਮਨਵੀਸ ਮਲੋਟ




# ਸਪੀਕਰ ਸੰਧਵਾਂ ਨੇ ਪੰਜਾਬੀ ਭਾਸ਼ਾ ਦੀ ਹੋਂਦ ਬਚਾਉਣ ਲਈ ਕੀਤੀ ਨਿਵੇਕਲੀ ਪਹਿਲ

## ਪੰਜਾਬੀ ਭਾਸ਼ਾ ਨੂੰ ਜੈਮਿਨੀ ਏ.ਆਈ. (ਗੂਗਲ ਪਲੇਟਫਾਰਮ) 'ਤੇ ਸ਼ਾਮਲ ਕਰਾਉਣ ਲਈ ਵੱਖ-ਵੱਖ ਵਿਭਾਗਾਂ ਅਤੇ ਪੰਜਾਬੀ ਬੁੱਧੀਜੀਵੀਆਂ ਨਾਲ ਕੀਤੀ ਵਿਚਾਰ ਚਰਚਾ



ਚੰਡੀਗੜ੍ਹ, 5 ਫਰਵਰੀ (ਗਿਆਨ ਸਿੰਘ): ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਨਿਵੇਕਲੀ ਪਹਿਲ ਕਰਦਿਆਂ ਪੰਜਾਬੀ ਭਾਸ਼ਾ ਨੂੰ ਗੂਗਲ ਪਲੇਟਫਾਰਮ ਜੈਮਿਨੀ ਆਈ 'ਤੇ ਸ਼ਾਮਲ ਕਰਾਉਣ ਲਈ ਵੱਖ-ਵੱਖ ਵਿਭਾਗਾਂ ਅਤੇ ਪੰਜਾਬੀ ਬੁੱਧੀਜੀਵੀਆਂ ਨਾਲ ਵਿਚਾਰ ਚਰਚਾ ਕੀਤੀ ਅਤੇ ਪੰਜਾਬੀ ਭਾਸ਼ਾ ਦੇ ਡੈਟਾ ਦੀ ਉਪਲੱਬਧਤਾ ਛੇ ਮਹੀਨਿਆਂ 'ਚ ਕਰਾਉਣ ਲਈ ਰੋਡ ਮੈਪ ਤਿਆਰ ਕਰਨ 'ਤੇ ਜ਼ੋਰ ਦਿੱਤਾ।

ਅੱਜ ਇੱਥੇ ਪੰਜਾਬ ਵਿਧਾਨ ਸਭਾ ਸਕੱਤਰੇਤ ਵਿਖੇ ਕੀਤੀ ਮੀਟਿੰਗ ਦੌਰਾਨ ਸ. ਸੰਧਵਾਂ ਨੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਗੂਗਲ ਨੇ ਆਪਣੇ ਏ.ਆਈ. (ਆਰਟੀਫ਼ੀਸ਼ੀਅਲ ਇੰਟੈਲੀਜੈਂਸ) ਪਲੇਟਫਾਰਮ 'ਤੇ ਤਾਜ਼ਾ ਜਾਰੀ ਜੈਮਿਨੀ ਆਈ ਐਪ 'ਤੇ ਗੁਜਰਾਤੀ, ਮਰਾਠੀ ਆਦਿ ਭਾਸ਼ਾਵਾਂ ਨੂੰ ਤਾਂ ਸ਼ਾਮਲ ਕੀਤਾ ਹੈ ਪਰ ਪੰਜਾਬੀ ਇਸ ਵਿੱਚ ਸ਼ਾਮਲ ਨਹੀਂ ਕੀਤਾ। ਉਨ੍ਹਾਂ ਦੱਸਿਆ ਕਿ ਗੂਗਲ ਨੇ ਪੰਜਾਬੀ ਭਾਸ਼ਾ ਨੂੰ ਇਸ ਲਈ ਏ.ਆਈ. ਪਲੇਟਫਾਰਮ 'ਤੇ ਸ਼ਾਮਲ ਨਹੀਂ ਕੀਤਾ ਕਿਉਂਕਿ ਪੰਜਾਬੀ ਦਾ ਸ਼ਬਦ ਭੰਡਾਰ/ਡੈਟਾ ਉਪਲੱਬਧ ਨਹੀਂ ਹੈ।

ਉਨ੍ਹਾਂ ਕਿਹਾ ਕਿ ਪੰਜਾਬੀ ਭਾਸ਼ਾ ਨੂੰ ਬਣਦਾ ਸਥਾਨ ਦਿਵਾਉਣ ਲਈ ਪੰਜਾਬੀ ਦਾ ਡੈਟਾ ਛੇਤੀ ਤਿਆਰ ਕਰਕੇ ਆਨਲਾਈ ਅਪਲੋਡ ਕਰਨਾ ਜ਼ਰੂਰੀ ਬਣ ਗਿਆ ਹੈ। ਉਨ੍ਹਾਂ ਉਮੀਦ ਜਤਾਈ ਕਿ ਆਉਣ ਵਾਲੇ ਛੇ ਮਹੀਨਿਆਂ 'ਚ ਇਹ ਕਾਰਜ ਮੁਕੰਮਲ ਕਰ ਲਿਆ ਜਾਵੇਗਾ ਤਾਂ ਜੋ ਪੰਜਾਬੀ ਭਾਸ਼ਾ ਵੀ ਹੋਰਨਾਂ 9 ਭਾਸ਼ਾਵਾਂ ਵਾਂਗ ਗੂਗਲ ਦੇ ਏ.ਆਈ. ਪਲੇਟਫਾਰਮ 'ਤੇ ਸ਼ਾਮਲ ਹੋ ਸਕੇ।

ਸਪੀਕਰ ਨੇ ਕਿਹਾ ਕਿ ਅਜੋਕਾ ਦੌਰ ਮਸ਼ੀਨੀ ਬੁੱਧੀਮਾਨਤਾ ਦਾ ਦੌਰ ਹੈ ਤੇ ਇਸ ਦੌਰ ਵਿੱਚ ਪੰਜਾਬੀ ਨੂੰ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਪਲੇਟਫਾਰਮ 'ਤੇ ਸ਼ਾਮਲ ਕਰਨਾ ਅੱਜ ਦੇ ਸਮੇਂ 'ਚ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬੀ ਇਸ ਪਲੇਟਫਾਰਮ 'ਤੇ ਉਪਲੱਬਧ ਨਹੀਂ ਹੋਵੇਗੀ ਤਾਂ ਕਿਸੇ ਵੀ ਦੂਜੀਆਂ ਭਾਸ਼ਾ ਨੂੰ ਨਾ ਤਾਂ ਪੰਜਾਬੀ ਵਿੱਚ ਅਨੁਵਾਦ ਕੀਤਾ ਜਾ ਸਕੇਗਾ ਅਤੇ ਨਾ ਹੀ ਪੰਜਾਬੀ ਦਾ ਕਿਸੇ ਦੂਜੀ ਭਾਸ਼ਾ 'ਚ ਅਨੁਵਾਦ ਸੰਭਵ ਹੋ ਸਕੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲਾ ਸਮਾਂ ਆਰਟੀਫ਼ੀਸ਼ੀਅਲ ਇੰਟੈਲੀਜੈਂਸ ਦਾ ਸਮਾਂ ਹੈ। ਉਨ੍ਹਾਂ ਕਿਹਾ ਕਿ ਮਸ਼ੀਨੀ ਬੁੱਧੀਮਾਨਤਾ ਦੇ ਸਮੇਂ 'ਚ ਪੰਜਾਬੀ ਭਾਸ਼ਾ ਦੀ ਹੋਂਦ ਬਣਾਈ ਰੱਖਣ ਲਈ ਪੰਜਾਬੀ ਭਾਸ਼ਾ 'ਚ ਡੈਟਾ ਦੀ ਉਪਲੱਬਧਤਾ ਕਰਾਉਣੀ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਇਹ ਕਾਰਜ ਨਾ ਕੀਤਾ ਗਿਆ ਤਾਂ ਪੰਜਾਬੀਆਂ ਨੂੰ ਜਾਂ ਤਾਂ ਹਿੰਦੀ ਵਰਤਣੀ ਪਵੇਗੀ ਜਾਂ ਕਿਸੇ ਹੋ ਭਾਸ਼ਾ ਦਾ ਸਹਾਰਾ ਲੈਣਾ ਪਵੇਗਾ।

ਸਪੀਕਰ ਨੇ ਅੱਗੇ ਕਿਹਾ ਕਿ ਪੰਜਾਬੀ ਦੁਨੀਆਂ ਭਰ 'ਚ ਸਭ ਤੋਂ ਵੱਧ ਬੋਲੀਆਂ ਜਾਣ ਵਾਲੀਆਂ ਪਹਿਲੀਆਂ 10 ਭਾਸ਼ਾਵਾਂ 'ਚ ਸ਼ਾਮਲ ਹੈ। ਪੰਜਾਬੀ ਬੋਲਣ ਵਾਲਿਆਂ 'ਚ ਲਹਿੰਦੇ ਪੰਜਾਬ, ਚੜ੍ਹਦੇ ਪੰਜਾਬ, ਭਾਰਤ ਦੇ ਵੱਖ-ਵੱਖ ਸੂਬਿਆਂ ਅਤੇ ਦੁਨੀਆਂ ਭਰ ਦੇ ਵਿਭਿੰਨ ਦੇਸ਼ਾਂ 'ਚ ਵਸਦੇ ਲੋਕਾਂ ਵੱਲੋਂ ਬੋਲੀ ਜਾਂਦੀ ਭਾਸ਼ਾ ਹੈ। ਉਨ੍ਹਾਂ ਕਿਹਾ ਪੰਜਾਬੀ ਭਾਸ਼ਾ ਦੀ ਹੋਂਦ ਬਣਾਈ ਰੱਖਣ ਲਈ ਗੂਗਲ ਏ.ਆਈ. ਪਲੇਟਫਾਰਮ 'ਤੇ ਪੰਜਾਬੀ ਦਾ ਹੋਣਾ ਬੇਹੱਦ ਜ਼ਰੂਰੀ ਹੈ।

ਇਸ ਮੌਕੇ ਉੱਘੇ ਪੰਜਾਬੀ ਸ਼ਾਇਰ ਡਾ. ਸੁਰਜੀਤ ਪਾਤਰ, ਉੱਘੇ ਪੰਜਾਬੀ ਆਲੋਚਕ ਡਾ. ਅਮਰਜੀਤ ਸਿੰਘ ਗਰੇਵਾਲ ਤੋਂ ਇਲਾਵਾ ਪੰਜਾਬ ਦੇ ਉਚੇਰੀ ਸਿੱਖਿਆ ਵਿਭਾਗ, ਪ੍ਰਸ਼ਾਸਕੀ ਸੁਧਾਰ ਵਿਭਾਗ, ਭਾਸ਼ਾ ਵਿਭਾਗ ਪੰਜਾਬ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਨੁਮਾਇੰਦੇ ਸ਼ਾਮਲ ਹੋਏ।

# ਵਿਸ਼ਵ ਕੈਂਸਰ ਦਿਵਸ ਨੂੰ ਸਮਰਪਿਤ ਫਰੀ ਕੈਂਸਰ ਚੈੱਕਅਪ ਕੈਂਪ ਲਗਾਇਆ



ਬੰਗਾ, 5 ਫਰਵਰੀ (ਪੋਸਟ ਬਿਊਰੋ): ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਵਿਸ਼ਵ ਕੈਂਸਰ ਦਿਵਸ ਨੂੰ ਸਮਰਪਿਤ ਵਿਸ਼ੇਸ਼ ਫਰੀ ਕੈਂਸਰ ਚੈੱਕਅਪ ਕੈਂਪ ਲਗਾਇਆ ਗਿਆ, ਜਿਸ ਦਾ ਉਦਘਾਟਨ ਮੁੱਖ ਮਹਿਮਾਨ ਸ. ਅਮਰਜੀਤ ਸਿੰਘ ਕਲੇਰਾਂ ਚੇਅਰਮੈਨ ਫਾਈਨਾਂਸ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਆਪਣੇ ਕਰ ਕਮਲਾਂ ਨਾਲ ਕੀਤਾ । ਉਹਨਾਂ ਦਾ ਸਹਿਯੋਗ ਸ. ਕੁਲਵਿੰਦਰ ਸਿੰਘ ਢਾਹਾਂ ਜਨਰਲ ਸਕੱਤਰ, ਅਜਮੇਰ ਸਿੰਘ ਮਾਨ ਕੈਨੇਡਾ ਸੀਨੀਅਰ ਟਰੱਸਟੀ ਅਤੇ ਸ.ਦਰਸ਼ਨ ਸਿੰਘ ਮਾਹਿਲ ਪ੍ਰਬੰਧਕ ਮੈਂਬਰ ਅਤੇ ਮਾਹਿਰ ਡਾਕਟਰ ਸਾਹਿਬਾਨ ਨੇ ਦਿੱਤਾ।

ਹਸਪਤਾਲ ਢਾਹਾਂ ਕਲੇਰਾਂ ਵਿਖੇ ਲੱਗੇ ਫਰੀ ਕੈਂਸਰ ਚੈੱਕਅਪ ਕੈਂਪ ਵਿੱਚ ਕੈਂਸਰ ਦੀ ਬਿਮਾਰੀ ਦਾ ਇਲਾਜ ਕਰਨ ਦੇ ਮਾਹਿਰ ਮੈਡੀਕਲ ਅਨਕੋਲੋਜਿਸਟ ਡਾ. ਨਵਦੀਪ ਸਿੰਘ ਐਮ ਡੀ ਡੀ ਆਰ ਐਨ ਬੀ ਅਤੇ ਰੇਡੀਏਸ਼ਨ ਅਨਕੋਲੋਜਿਸਟ ਡਾ ਰਾਹੁਲ ਚੌਧਰੀ ਐਮ ਡੀ ਨੇ ਮਰੀਜ਼ਾਂ ਦਾ ਤਸੱਲੀਬਖਸ਼ ਚੈੱਕਅੱਪ ਕੀਤਾ। ਮਾਹਿਰ ਡਾਕਟਰ ਸਾਹਿਬਾਨ ਨੇ ਮਰੀਜ਼ਾਂ ਨੂੰ ਕੈਂਸਰ ਦੀ ਬਿਮਾਰੀ ਪ੍ਰਤੀ ਜਾਗਰੂਕ ਕੀਤਾ । ਉਹਨਾਂ ਦਸਿਆ ਕਿ ਭਾਰਤ ਵਿਚ ਔਰਤਾਂ ਦੀ ਛਾਤੀ ਦਾ ਕੈਂਸਰ ਅਤੇ ਸਰਵਾਈਕਲ ਕੈਂਸਰ ਸਭ ਤੋਂ ਆਮ ਕੈਂਸਰ ਹਨ, ਜਦੋਂ ਕਿ ਮਰਦਾਂ ਵਿੱਚ ਫੇਫੜਿਆਂ ਅਤੇ ਮੂੰਹ ਦਾ ਕੈਂਸਰ ਜ਼ਿਆਦਾ ਪਾਇਆ ਜਾਂਦਾ ਹੈ । ਉਹਨਾਂ ਦੱਸਿਆ ਕਿ ਕੈਂਸਰ ਨੂੰ ਜੀਵਨ ਸ਼ੈਲੀ ਵਿੱਚ ਸਾਰਥਕ ਤਬਦੀਲੀਆਂ ਨਾਲ ਰੋਕਿਆ ਜਾ ਸਕਦਾ ਹੈ। ਕੈਂਸਰ ਦੀ ਬਿਮਾਰੀ ਤੋਂ ਬਚਾਅ ਲਈ 40 ਸਾਲ ਦੀ ਉਮਰ ਤੋਂ ਵੱਧ ਵਾਲੇ ਪੁਰਸ਼ਾਂ ਅਤੇ ਔਰਤਾਂ ਨੂੰ ਹਰ ਦੋ ਸਾਲਾਂ ਬਾਅਦ ਜਾਂਚ ਕਰਵਾਣੀ ਚਾਹੀਦੀ ਹੈ। ਇਸ ਕੈਂਪ ਵਿਚ ਲੋੜਵੰਦਾਂ ਮਰੀਜ਼ਾਂ ਦਾ ਸ਼ੂਗਰ ਟੈਸਟ ਅਤੇ ਥਾਇਰਾਇਡ ਦਾ ਟੈਸਟ ਵੀ ਮੁਫਤ ਕੀਤਾ ਗਿਆ। ਮਰੀਜ਼ਾਂ ਨੂੰ ਕੈਂਸਰ ਸਕਰੀਨਿੰਗ ਦੇ ਵਿਸ਼ੇਸ਼ ਤਿੰਨ ਟੈਸਟ ਸੀ ਏ 125, ਪੀ.ਐਸ.ਏ., ਸੀ.ਈ.ਏ. ਟੈਸਟਾਂ ਨੂੰ ਕਰਵਾਉਣ 'ਤੇ 50% ਦੀ ਵੱਡੀ ਛੋਟ ਦਿੱਤੀ ਗਈ । ਇਸ ਮੌਕੇ ਸ. ਕੁਲਵਿੰਦਰ ਸਿੰਘ ਢਾਹਾਂ ਜਨਰਲ ਸਕੱਤਰ ਨੇ ਦੱਸਿਆ ਕਿ ਇਲਾਕੇ ਦੇ ਲੋਕਾਂ ਨੂੰ ਕੈਂਸਰ ਦੀ ਬਿਮਾਰੀ ਪ੍ਰਤੀ ਜਾਗਰੂਕ ਕਰਨ ਅਤੇ ਲੋੜਵੰਦ ਮਰੀਜ਼ਾਂ ਦੀ ਮਦਦ ਕਰਨ ਲਈ ਵਿਸ਼ਵ ਕੈਂਸਰ ਦਿਵਸ ਨੂੰ ਸਮਰਪਿਤ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਇਹ ਫਰੀ ਕੈਂਸਰ ਚੈੱਕਅੱਪ ਕੈਂਪ ਲਗਾਇਆ ਗਿਆ ਹੈ। ਉਹਨਾਂ ਕਿਹਾ ਕਿ ਹਸਪਤਾਲ ਵੱਲੋਂ ਭਵਿੱਖ ਵਿਚ ਲੋੜਵੰਦਾਂ ਦੀ ਮਦਦ ਕਰਨ ਲਈ ਵੱਡੇ ਮੈਡੀਕਲ ਕੈਂਪ ਲਗਾਏ ਜਾਣਗੇ।



# ਗੁਲਜ਼ਾਰ ਗਰੁੱਪ ਵਲੋਂ ਆਯੋਜਿਤ ਨੌਕਰੀ ਮੇਲੇ ਵਿਚ 42 ਵਿਦਿਆਰਥੀਆਂ ਦੀ ਛੇ ਲੱਖ ਤੱਕ ਦੇ ਪੈਕੇਜ ’ਤੇ ਹੋਈ ਚੋਣ



ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟਸ, ਖੰਨਾ ਲੁਧਿਆਣਾ ਵੱਲੋਂ ਕੈਂਪਸ ਵਿਚ ਨੌਕਰੀ ਮੇਲੇ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਕੰਪਿਊਟਰ ਸਾਇੰਸ ਸਟਰੀਮ ਦੇ 150 ਦੇ ਕਰੀਬ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਨੌਕਰੀ ਮੇਲੇ ਵਿਚ ਕੌਮਾਂਤਰੀ ਪੱਧਰ ਦੀਆਂ ਕੰਪਨੀਆਂ ਐਜੂ-ਵਰਸਿਟੀ, ਓਰੀਐਂਟਲ ਆਊਟਸੋਰਸਿੰਗ, ਲਰਨਿੰਗ ਰੂਟਸ ਪ੍ਰਾਈਵੇਟ. ਲਿਮਟਿਡ, ਸੀਜ਼ਫਾਇਰ, ਕਾਲਜ ਟੂਰ, ਵਿਜ਼ਰੋਬੋ ਪ੍ਰਾਈਵੇਟ ਲਿਮਟਿਡ, ਓਐਮ ਕਰੀਅਰਜ਼, ਡਿਫੈਕਟੋ ਇਨਫੋਟੈਕ ਨੇ ਹਿੱਸਾ ਲਿਆ।

ਚੋਣ ਕਰਨ ਵਾਲੀ ਕੰਪਨੀਆਂ ਦੇ ਨੁਮਾਇੰਦਿਆਂ ਨੇ ਵਿਦਿਆਰਥੀਆਂ ਦੇ ਲਿਖਤੀ ਟੈੱਸਟ,ਗਰੁੱਪ ਡਿਸਕਸ਼ਨ,ਇੰਟਰਵਿਊ ਤੋਂ ਬਾਅਦ 42 ਉਮੀਦਵਾਰਾਂ ਦੀ ਚੋਣ ਕੀਤੀ । ਇਸ ਦੌਰਾਨ ਕੁੱਝ ਕੰਪਨੀਆਂ ਨੇ ਤਾਂ ਮੌਕੇ ਤੇ ਹੀ ਚੁਣੇ ਗਏ ਉਮੀਦਵਾਰਾਂ ਨੂੰ ਆਫ਼ਰ ਲੈਟਰ ਦੇ ਦਿਤੇ। ਇਨ੍ਹਾਂ ਚੁਣੇ ਗਏ ਉਮੀਦਵਾਰਾਂ ਨੂੰ ਚਾਰ ਲੱਖ ਤੋਂ ਛੇ ਲੱਖ ਤੱਕ ਦੇ ਪੈਕੇਜ ਆਫ਼ਰ ਕੀਤੇ ਗਏ । ਸਭ ਤੋਂ ਵੱਧ ਛੇ ਲੱਖ ਦਾ ਪੈਕੇਜ ਐਜੂ-ਵਰਸਿਟੀ ਵੱਲੋਂ ਆਫ਼ਰ ਦਿਤਾ ਗਿਆ।

ਗੁਲਜ਼ਾਰ ਗਰੁੱਪ ਦੇ ਚੇਅਰਮੈਨ ਗੁਰਚਰਨ ਸਿੰਘ ਨੇ ਇਕਠੇ ਹੋਏ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਵਿੱਦਿਅਕ ਸੰਸਥਾਵਾਂ ਨੂੰ ਵਿਦਿਆਰਥੀਆਂ ਨੂੰ ਪੜਾਈ ਦੇ ਨਾਲ ਨਾਲ ਚੰਗੇ ਨਾਗਰਿਕ ਬਣਾਉਣ ਅਤੇ ਉਨ੍ਹਾਂ ਨੂੰ ਵਿਸ਼ਵ ਪੱਧਰ ਦੀ ਟੈਕਨੀਕਲ ਜਾਣਕਾਰੀ ਨਾਲ ਅਪ-ਟੂ-ਡੇਟ ਰੱਖਣਾ ਬਹੁਤ ਜ਼ਰੂਰੀ ਹੈ । ਉਨ੍ਹਾਂ ਅੱਗੇ ਕਿਹਾ ਕਿ ਗੁਲਜ਼ਾਰ ਗਰੁੱਪ ਦੀ ਇਹੀ ਕੋਸ਼ਿਸ਼ ਰਹਿੰਦੀ ਹੈ ਕਿ ਆਪਣੇ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆਂ ਦੇਣ ਦੇ ਨਾਲ ਨਾਲ ਇਕ ਵਧੀਆਂ ਨਾਗਰਿਕ ਅਤੇ ਸਫਲ ਸ਼ਹਿਰੀ ਵੀ ਬਣਾਇਆ ਜਾਵੇ। ਇਸ ਮੌਕੇ ਤੇ ਚੁਣੇ ਗਏ ਉਮੀਦਵਾਰਾਂ ਨੂੰ ਵਧਾਈ ਦਿੰਦੇ ਹੋਏ ਡਾਇਰੈਕਟਰ ਐਗਜ਼ੈਕਟਿਵ ਡਾਇਰੈਕਟਰ ਗੁਰਕੀਰਤ ਸਿੰਘ ਨੇ ਦੱਸਿਆਂ ਕਿ ਗੁਲਜ਼ਾਰ ਗਰੁੱਪ ਵੱਲੋਂ ਬੇਸ਼ੱਕ ਪਹਿਲਾਂ ਵੀ ਨੌਕਰੀ ਮੇਲਿਆਂ ਦਾ ਆਯੋਜਨ ਕੀਤਾ ਜਾਂਦਾ ਹੈ ਅਤੇ ਹਰ ਵਾਰ ਇਕ ਨਵਾਂ ਤਜਰਬਾ ਜੁੜਦਾ ਹੈ ਜੋ ਕਿ ਵਿਦਿਆਰਥੀਆਂ ਲਈ ਬਹੁਤ ਸਹਾਈ ਹੁੰਦਾ ਹੈ ।

URGENTLY NEED NEW LISTINGS IN BRAMPTON/CALEDON
visit: www.teamjagaujla.com



ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

Sandalwood & Sunny Meadow Blvd



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿੰਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇੰਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

James Potter/Queen/Bonnie Brae



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

Caledon Ontario (Dir/Cross St:Mayfield/ Mclaughlin/Tweedhill)



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

Bramalea/Father Tobin /Fernfor



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ ’ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂੰਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017